


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ, 02 ਜਨਵਰੀ 2025

Email:- lokbani08@gmail.com





R. N. I. Punpun/29016/2008 ✶ ਸਾਲ 16 , ✶ ਅੰਕ : 201, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਅਮਰੀਕਾ ਵਿੱਚ ਨਵੇਂ ਸਾਲ ਮੌਕੇ ਵਾਪਰੇ ਹਾਦਸੇ ਵਿੱਚ ਦਸ ਦੀ ਮੌਤ

**ਅਮਰੀਕਾ ਲੋਕ ਬਾਣੀ**-'ਨਵੇਂ ਸਾਲ ਦੇ ਪਹਿਲੇ ਦਿਨ ਅੱਜ ਨਿਊ ਓਰਲੀਅਨਜ਼ (ਲੁਸਿਆਨਾ) ਦੀ ਮਸ਼ਹੂਰ ਕੈਨਾਲ ਤੇ ਬਰਬਨ ਸਟਰੀਟ ਉਤੇ ਤੇਜ਼ਤਰਾਰ ਪਿਕਅੱਪ ਟਰੱਕ ਨੇ ਹਜੂਮ ਨੂੰ ਦਰੜ ਦਿੱਤਾ। ਹਾਦਸੇ ਵਿਚ ਦਸ ਵਿਅਕਤੀਆਂ ਦੀ ਮੌਤ ਹੋ ਗਈ ਜਦੋਂਕਿ 30 ਹੋਰ ਜ਼ਖ਼ਮੀ ਦੱਸੇ ਜਾਂਦੇ ਹਨ। ਸ਼ਹਿਰ ਦੀ ਹੰਗਾਮੀ ਹਾਲਾਤ ਦੀਆਂ ਤਿਆਰੀਆਂ ਬਾਰੇ ਏਜੰਸੀ 'ਨੋਲਾ ਰੈਡੀ' ਨੇ ਇਲਾਕੇ ਦੇ ਲੋਕਾਂ ਨੂੰ ਘਰਾਂ ਵਿਚ



ਰਹਿਣ ਦੀ ਸਲਾਹ ਦਿੱਤੀ ਹੈ। ਪੁਲੀਸ ਵੱਲੋਂ ਇਸ ਘਟਨਾ ਦੀ ਦਹਿਸ਼ਤੀ ਹਮਲੇ ਵਜੋਂ ਜਾਂਚ ਕੀਤੀ ਜਾ ਰਹੀ ਹੈ।

## ਸੁਪਰੀਮ ਕੋਰਟ ਹੋਈ ਗੈਰਕਾਨੂੰਨੀ ਇਮਾਰਤਾਂ ਦੇ ਖਿਲਾਫ

**ਦਿੱਲੀ , ਲੋਕ ਬਾਣੀ**-ਸੁਪਰੀਮ ਕੋਰਟ ਨੇ 'ਗੈਰਕਾਨੂੰਨੀ ਉਸਾਰੀਆਂ' ਨੂੰ ਨੱਥ ਪਾਉਣ ਦੇ ਇਰਾਦੇ ਨਾਲ 'ਵਡੇਰੇ ਜਨਤਕ ਹਿੱਤਾਂ' ਵਿਚ ਪੂਰੇ ਦੇਸ਼ ਲਈ ਜਾਰੀ ਦਿਸ਼ਾ ਨਿਰਦੇਸ਼ਾਂ ਵਿਚ ਸਾਫ਼ ਕਰ ਦਿੱਤਾ ਕਿ ਬੈਂਕ ਅਤੇ ਵਿੱਤੀ ਸੰਸਥਾਵਾਂ ਕੰਪਲੀਸ਼ਨ/ਆਕੂਪੇਸ਼ਨ ਸਰਟੀਫਿਕੇਟ ਦੀ ਤਸਦੀਕ ਕੀਤੇ ਬਗੈਰ ਕਿਸੇ ਵੀ ਇਮਾਰਤ ਨੂੰ ਕਰਜ਼ਾ ਨਹੀਂ ਦੇਣਗੀਆਂ ਤੇ ਸਰਵਿਸ ਪ੍ਰੋਵਾਈਡਰਾਂ ਵੱਲੋਂ ਸਰਟੀਫਿਕੇਟ ਦੇਖਣ ਮਗਰੋਂ ਹੀ ਬਿਜਲੀ, ਪਾਣੀ ਤੇ ਸੀਵਰੇਜ ਦੇ ਕੁਨੈਕਸ਼ਨ ਦਿੱਤੇ ਜਾਣ। ਦੂਜੇ ਸ਼ਬਦਾਂ ਵਿਚ ਕਹੀਏ ਤਾਂ ਅਧੂਰੀਆਂ



ਇਮਾਰਤਾਂ ਨੂੰ ਨਾ ਕਰਜ਼ਾ ਤੇ ਨਾ ਹੀ ਬਿਜਲੀ-ਪਾਣੀ ਤੇ ਸੀਵਰੇਜ ਦਾ ਕੁਨੈਕਸ਼ਨ ਮਿਲੇਗਾ।

## ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਜੀ ਦੀ ਯਾਦਗਾਰ ਬਣਾਉਣ ਲਈ ਹੋਈ ਜਗ੍ਹਾ ਦੀ ਸ਼ਿਨਾਖਤ

**ਨਵੀਂ ਦਿੱਲੀ, ਲੋਕ ਬਾਣੀ**- ਸਰਕਾਰ ਨੇ ਸਾਬਕਾ ਪ੍ਰਧਾਨ ਮੰਤਰੀ ਡਾ.ਮਨਮੋਹਨ ਸਿੰਘ ਦੀ ਯਾਦਗਾਰ ਵਾਸਤੇ ਥਾਂ ਦੀ ਨਿਸ਼ਾਨਦੇਹੀ ਲਈ ਅਮਲ ਸ਼ੁਰੂ ਕਰ ਦਿੱਤਾ ਹੈ। ਸਰਕਾਰ ਨੇ ਢੁੱਕਵੀਂ ਥਾਂ ਨੂੰ ਅੰਤਿਮ ਰੂਪ ਦੇਣ ਲਈ ਸਿੰਘ ਦੇ ਪਰਿਵਾਰ ਨਾਲ ਰਾਬਤਾ ਬਣਾਇਆ ਹੋਇਆ ਹੈ। ਸੂਤਰਾਂ ਨੇ ਕਿਹਾ ਕਿ ਸੀਪੀਡਬਲਿਊਡੀ ਅਧਿਕਾਰੀਆਂ ਨੇ ਰਾਸ਼ਟਰੀ ਸਮ੍ਰਿਤੀ ਸਥੱਲ ਵਿਚ ਸੰਜੈ ਗਾਂਧੀ ਦੀ ਯਾਦਗਾਰ ਨੇੜੇ ਦੌਰਾ ਕਰਕੇ ਕੁਝ ਥਾਵਾਂ ਦੀ ਸ਼ਨਾਖ਼ਤ ਕੀਤੀ ਹੈ, ਜਿੱਥੇ ਯਾਦਗਾਰ ਬਣਾਈ ਜਾ ਸਕਦੀ ਹੈ।



ਸੂਤਰਾਂ ਨੇ ਕਿਹਾ ਕਿ ਸਰਕਾਰ ਸਾਬਕਾ ਪ੍ਰਧਾਨ ਮੰਤਰੀ ਦੇ ਪਰਿਵਾਰ ਦੇ ਸੰਪਰਕ ਵਿਚ ਹੈ ਤੇ ਯਾਦਗਾਰ ਦੀ ਥਾਂ ਲਈ ਤਿੰਨ ਚਾਰ ਵਿਕਲਪਾਂ ਉੱਤੇ ਵਿਚਾਰ ਚਰਚਾ ਕੀਤੀ ਗਈ ਹੈ।

## ਰਾਜਸਥਾਨ ਚ ਬੋਰਵੈਲ ਮਾਮਲੇ ਵਿੱਚ ਤਿੰਨ ਸਾਲਾਂ ਬੱਚੀ ਦੀ ਹੋਈ ਮੌਤ

**ਜੈਪੁਰ,** -ਰਾਜਸਥਾਨ ਦੇ ਕੋਟਪੁਤਲੀ-ਬਹਿਰੋਰ ਜ਼ਿਲ੍ਹੇ ਵਿਚ ਦਸ ਦਿਨ ਪਹਿਲਾਂ 150 ਫੁੱਟ ਡੂੰਘੇ ਬੋਰ ਵਿਚ ਡਿੱਗੀ ਤਿੰਨ ਸਾਲਾ ਬੱਚੀ ਦੀ ਮੌਤ ਹੋ ਗਈ ਹੈ। ਇਸ ਬੱਚੀ ਨੂੰ ਦਸ ਦਿਨਾਂ ਤੋਂ ਜਾਰੀ ਰਾਹਤ ਤੇ ਬਚਾਅ ਕਾਰਜਾਂ ਮਗਰੋਂ ਅੱਜ ਬੇਸੁੱਧ ਹਾਲਤ ਵਿਚ ਬਾਹਰ ਕੱਢਿਆ ਗਿਆ। ਚੇਤਨਾ ਨਾਂ ਦੀ ਇਸ ਬੱਚੀ ਨੂੰ ਫੌਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਇਸ ਨੂੰ ਮ੍ਰਿਤ ਲਿਆਂਦੀ



ਐਲਾਨ ਦਿੱਤਾ। ਐੱਨਡੀਆਰਐੱਫ ਟੀਮ ਦੇ ਇੰਚਾਰਜ ਯੋਗੇਸ਼ ਮੀਨਾ ਨੇ ਕਿਹਾ ਕਿ ਜਦੋਂ ਬੱਚੀ ਨੂੰ ਬਾਹਰ ਕੱਢਿਆ ਗਿਆ ਤਾਂ ਉਸ ਵਿਚ ਕੋਈ ਹਿਲਜੁਲ ਨਹੀਂ ਸੀ।

## ਕਲਯੁਗੀ ਭਰਾ ਦੀ ਕਰਤੂਤ ਪੜ ਕੇ ਹੋਵੋਗੇ ਹੈਰਾਨ

**ਲਖਨਊ, ਲੋਕ ਬਾਣੀ**-ਨਵੇਂ ਸਾਲ ਦੀ ਇੱਕ ਭਿਆਨਕ ਸ਼ੁਰੂਆਤ ਦੌਰਾਨ ਯੂਪੀ ਦੀ ਰਾਜਧਾਨੀ ਲਖਨਊ ਪੁਲੀਸ ਨੇ ਬੁੱਧਵਾਰ ਨੂੰ ਇੱਕ 24 ਸਾਲਾ ਵਿਅਕਤੀ ਅਰਸ਼ਦ ਨੂੰ ਸ਼ਹਿਰ ਦੇ ਇੱਕ ਹੋਟਲ ਵਿੱਚ ਆਪਣੀ ਮਾਂ ਅਤੇ ਚਾਰ ਭੈਣਾਂ ਦੇ ਗਲ਼ ਵੱਢ ਕੇ ਕਤਲ ਕਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਉਸ ਵੱਲੋਂ ਕਥਿਤ ਤੌਰ 'ਤੇ ਆਪਣੇ ਪਿਤਾ ਦੀ ਮਦਦ ਨਾਲ ਕੀਤੇ ਗਏ ਇਨ੍ਹਾਂ ਕਤਲਾਂ ਨੇ ਪੂਰੇ ਖੇਤਰ ਵਿੱਚ ਸਹਿਮ ਦੀ ਲਹਿਰ ਫੈਲਾ ਦਿੱਤੀ ਹੈ। ਡਿਪਟੀ ਕਮਿਸ਼ਨਰ ਆਫ਼ ਪੁਲੀਸ (Deputy




Commissioner of Police – DCP) ਸੈਂਟਰਲ ਰਵੀਨਾ ਤਿਆਗੀ (Raveena Tyagi) ਨੇ ਇਹ ਜਾਣਕਾਰੀ ਦਿੰਦਿਆਂ ਕਿਹਾ, ਸਾਨੂੰ ਥਾਣਾ ਨਾਕਾ ਖੇਤਰ ਤੋਂ ਸੂਚਨਾ ਮਿਲੀ ਸੀ

## ਝਗੜੇ ਦੌਰਾਨ ਵਿਅਕਤੀ 'ਤੇ ਕਾਰ ਚੜ੍ਹਾਈ; ਮੌਤ

**ਜਲੰਧਰ, ਵਿਸ਼ਾਲ ਸ਼ੈਲੀ**-ਜਨਮ ਦਿਨ ਦੀ ਪਾਰਟੀ ਤੋਂ ਇਥੇ ਇੱਕ ਵਿਆਹ ਸਮਾਗਮ 'ਚ ਇਕ ਬਿਨ ਬੁਲਾਏ ਮਹਿਮਾਨ ਨੇ ਇਕ ਵਿਅਕਤੀ 'ਤੇ ਕਾਰ ਚੜ੍ਹਾ ਦਿੱਤੀ, ਜਿਸ ਕਾਰਨ ਉਸਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਪਰਸ਼ੂਰਾਮ ਨਗਰ ਦੇ ਰਹਿਣ ਵਾਲੇ ਅਮਰ (43) ਵਜੋਂ ਹੋਈ ਹੈ। ਇਹ ਘਟਨਾ ਬੀਤੀ ਰਾਤ ਜਲੰਧਰ ਦੇ ਬੁਲੰਦਪੁਰ ਰੋਡ 'ਤੇ ਸਥਿਤ ਪਰਸ਼ੂਰਾਮ ਨਗਰ 'ਚ ਵਾਪਰੀ ਹੈ। ਥਾਣਾ ਡਿਵੀਜ਼ਨ ਨੰਬਰ 8 ਦੀ



ਪੁਲੀਸ ਨੇ ਕਤਲ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਮੁਤਾਬਕ ਮੰਗਲਵਾਰ ਨੂੰ ਇਲਾਜ ਦੌਰਾਨ ਪੀੜਤ ਦੀ ਮੌਤ ਹੋ ਗਈ। ਇਸ ਮਾਮਲੇ ਸਬੰਧੀ ਥਾਣਾ ਡਵੀਜ਼ਨ ਨੰਬਰ-8 ਦੀ ਫੋਕਲ ਪੁਆਇੰਟ ਚੌਕੀ ਦੇ ਇੰਚਾਰਜ ਰਜਿੰਦਰ ਸਿੰਘ ਨੇ ਦੱਸਿਆ ਕਿ ਅੱਜ ਪੋਸਟਮਾਰਟਮ ਤੋਂ ਬਾਅਦ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੋਹਨ, ਗਗਨ ਉਰਫ਼ ਗੱਗੀ, ਰਾਜਵੀਰ ਸਿੰਘ ਸਮੇਤ 6 ਮੁਲਜ਼ਮਾਂ ਖ਼ਿਲਾਫ਼ ਕਤਲ ਦਾ ਕੇਸ ਦਰਜ ਕੀਤਾ ਗਿਆ ਹੈ। ਜਲਦ ਹੀ ਸਾਰੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।

## ਆਪ ਦੀ ਸਰਕਾਰ ਦੇ ਦਾਅਵੇ ਖੋਖਲੇ ਬਜ਼ੁਰਗ ਵੀ ਨਹੀਂ ਸੁਰੱਖਿਅਤ

**ਬਲਾਚੌਰ, ਲੋਕ ਬਾਣੀ**--ਬਲਾਚੌਰ ਦੇ ਭੱਦੀ ਰੋਡ ਸਥਿਤ ਐਸ. ਬੀ. ਆਈ. ਦੇ ਏ. ਟੀ. ਐੱਮ. ਵਿਚੋਂ ਪੈਸੇ ਕਢਵਾਉਣ ਲਈ ਆਏ ਬਜ਼ੁਰਗ ਵਿਅਕਤੀ ਤੋਂ ਚਾਕੂ ਦੀ ਨੋਕ ਉਤੇ 14 ਹਜ਼ਾਰ ਰੁਪਏ ਖੋਹ ਕੇ ਤਿੰਨ ਲੁਟੇਰੇ ਫਰਾਰ ਹੋ ਗਏ। ਵਰਿੰਦਰ ਭੂੰਬਲਾ ਨੇ ਦੱਸਿਆ ਕਿ ਉਸਦੇ ਪਿਤਾ ਚੌਧਰੀ ਹਰੀ ਕਿਸ਼ਨ ਜੋ ਸੇਵਾ ਮੁਕਤ ਮੁਲਜ਼ਮ ਹਨ, ਪੈਸੇ ਕਢਵਾਉਣ ਲਈ ਭੱਦੀ ਰੋਡ ਸਥਿਤ ਏ. ਟੀ. ਐੱਮ. ਵਿਚ ਗਏ ਸਨ ਜਿਥੇ ਚਾਕੂ ਦੀ ਨੋਕ ਉਤੇ ਉਸ ਕੋਲੋਂ 14 ਹਜ਼ਾਰ ਰੁਪਏ ਦੀ ਨਕਦੀ ਖੋਹ ਕੇ



ਅਣਪਛਾਤੇ ਮੋਟਰਸਾਈਕਲ ਉਤੇ ਫਰਾਰ ਹੋ ਗਏ। ਥਾਣਾ ਸਿਟੀ ਪੁਲਿਸ ਬਲਾਚੌਰ ਲੁਟੇਰਿਆਂ ਦੀ ਭਾਲ ਵਿਚ ਛਾਪੇਮਾਰੀ ਕਰ ਰਹੀ ਹੈ।

## ਲੁਧਿਆਣਾ 'ਚ ਪਹਿਲੀ ਜਨਵਰੀ ਦਾ ਦਿਨ ਰਿਹਾ ਸਭ ਤੋਂ ਠੰਢਾ

**ਲੁਧਿਆਣਾ,, ਲੋਕ ਬਾਣੀ** --ਲੁਧਿਆਣਾ ਵਿੱਚ ਇੱਕ ਹਫ਼ਤੇ ਤੋਂ ਠੰਢ ਨੇ ਪੂਰਾ ਜ਼ੋਰ ਫੜਿਆ ਹੋਇਆ ਹੈ ਤੇ ਅੱਜ ਨਵੇਂ ਸਾਲ ਦੇ ਪਹਿਲੇ ਦਿਨ ਸਭ ਤੋਂ ਵੱਧ ਠੰਢ ਪਈ। ਅੱਜ ਸਾਰਾ ਦਿਨ ਸੀਤ ਲਹਿਰ ਚੱਲਦੀ ਰਹੀ ਇਸ ਦੌਰਾਨ ਭਾਵੇਂ ਕਈ ਵਾਰ ਸੂਰਜ ਦੀ ਹਲਕੀ ਚਮਕ ਵੀ ਦਿਖਾਈ ਦਿੱਤੀ ਪਰ ਇਸ ਦੇ ਬਾਵਜੂਦ ਠੰਢ ਵਿੱਚ ਕੋਈ ਕਮੀ ਨਹੀਂ ਆਈ। ਪੀਏਯੂ ਮੌਸਮ ਵਿਭਾਗ ਅਨਸਾਰ ਆਉਂਦੇ ਇੱਕ ਹਫਤੇ



ਤੱਕ ਮੌਸਮ ਇਸੇ ਤਰ੍ਹਾਂ ਦਾ ਰਹਿਣ ਦੀ ਸੰਭਾਵਨਾ ਹੈ।

ਪਿਛਲੇ ਕਰੀਬ ਇੱਕ ਹਫ਼ਤੇ ਤੋਂ ਲੁਧਿਆਣਾ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਬੱਦਲਵਾਈ ਤੇ ਧੁੰਦ ਵਾਲਾ ਮੌਸਮ ਬਣਿਆ ਹੋਇਆ ਹੈ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਸੁਪਰੀਮ ਕੋਰਟ ਕਮੇਟੀ ਦੀ ਮੀਟਿੰਗ ਚ ਸ਼ਾਮਲ ਨਹੀਂ ਹੋਵੇਗਾ ਸੰਯੁਕਤ ਕਿਸਾਨ ਮੋਰਚੇ



ਚੰਡੀਗੜ੍ਹ-(ਲੋਕ ਬਾਣੀ) ਸੰਯੁਕਤ ਕਿਸਾਨ ਮੋਰਚਾ (ਐਸ.ਕੇ.ਐਮ.) ਦੇ ਆਗੂ ਸ਼ੰਭੂ ਅਤੇ ਖਨੌਰੀ ਸਰਹੱਦ 'ਤੇ ਚੱਲ ਰਹੇ ਕਿਸਾਨ ਅੰਦੋਲਨ ਸਬੰਧੀ ਸੁਪਰੀਮ ਕੋਰਟ ਵੱਲੋਂ 3 ਜਨਵਰੀ ਨੂੰ ਗਠਿਤ ਹਾਈ ਪਾਵਰ ਕਮੇਟੀ ਦੀ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਣਗੇ। ਸ਼ੰਭੂ ਅਤੇ ਖਨੌਰੀ ਮੋਰਚੇ ਵਿੱਚ ਉਨ੍ਹਾਂ ਦੀ ਕੋਈ ਭੂਮਿਕਾ ਨਾ ਹੋਣ ਕਾਰਨ ਇਹ ਫੈਸਲਾ ਲਿਆ ਗਿਆ ਹੈ। ਹਾਲਾਂਕਿ ਇਸ ਤੋਂ ਪਹਿਲਾਂ ਦਾਅਵਾ ਕੀਤਾ ਗਿਆ ਸੀ ਕਿ ਇਸ ਮੀਟਿੰਗ ਵਿੱਚ ਯੂਨਾਈਟਿਡ ਕਿਸਾਨ ਮੋਰਚਾ ਦੇ ਆਗੂ ਸ਼ਾਮਲ ਹੋਣਗੇ।


ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਿੰਦਰ ਸਿੰਘ ਲੱਖੋਵਾਲ ਨੇ ਕਿਹਾ ਕਿ ਜੋ ਪੱਤਰ ਆਇਆ ਹੈ, ਉਸ ਵਿੱਚ ਕਿਸਾਨਾਂ ਨੂੰ ਸੜਕਾਂ ਖੋਲ੍ਹਣ ਲਈ ਮਨਾਉਣ ਵਰਗੇ ਮੁੱਦੇ ਹਨ। ਜਦਕਿ ਇਹ ਵੀ ਗਲਤ ਹੈ ਕਿ ਕਿਸਾਨਾਂ ਵੱਲੋਂ ਸੜਕਾਂ ਜਾਮ ਕੀਤੀਆਂ ਗਈਆਂ ਹਨ, ਜਦੋ ਕਿ ਸਰਕਾਰ ਵੱਲੋਂ ਹੀ ਸੜਕਾਂ ਨੂੰ ਬੰਦ ਕੀਤਾ ਗਿਆ ਹੈ। ਜਦੋਂਕਿ ਕਿਸਾਨਾਂ ਦੀਆਂ ਮੰਗਾਂ ਬਾਰੇ ਕੋਈ ਜ਼ਿਕਰ ਨਹੀਂ ਹੈ। ਅਜਿਹੇ ਚ ਅਸੀਂ ਬੈਠਕ ਚ ਨਾ ਜਾਣ ਦਾ ਫੈਸਲਾ ਕੀਤਾ ਹੈ।

ਕਰੀਬ 4 ਦਿਨ ਪਹਿਲਾਂ ਇਹ ਗੱਲ ਸਾਹਮਣੇ ਆਈ ਸੀ ਕਿ ਹਾਈ ਪਾਵਰ ਕਮੇਟੀ ਨੇ 3 ਜਨਵਰੀ ਨੂੰ ਪੰਚਕੂਲਾ ਸਥਿਤ ਰੈਸਟ ਹਾਊਸ ਵਿਖੇ ਮੀਟਿੰਗ ਬੁਲਾਈ ਹੈ। ਜਿਵੇਂ ਹੀ ਇਹ ਸੱਦਾ ਆਇਆ, ਉਸ ਤੋਂ ਬਾਅਦ ਯੂਨਾਈਟਿਡ ਕਿਸਾਨ ਮੋਰਚਾ ਦੇ ਆਗੂਆਂ ਦਾ ਬਿਆਨ ਆਇਆ ਕਿ ਉਹ ਇਸ ਮੀਟਿੰਗ ਵਿੱਚ ਸ਼ਾਮਲ ਹੋਣਗੇ। ਨਾਲ ਹੀ ਕਿਸਾਨਾਂ ਨਾਲ ਸਬੰਧਤ ਸਾਰੇ ਤੱਥ ਕਮੇਟੀ ਦੇ ਸਾਹਮਣੇ ਰੱਖੇ ਜਾਣਗੇ।

ਹਾਲਾਂਕਿ ਸੂਤਰਾਂ ਦੀ ਮੰਨੀਏ ਤਾਂ ਇਸ ਮਾਮਲੇ ਨੂੰ ਲੈ ਕੇ ਸੋਸ਼ਲ ਮੀਡੀਆ ਤੇ ਚਰਚਾ ਸ਼ੁਰੂ ਹੋ ਗਈ ਸੀ ਕਿ ਇਹ ♥™$ ਅੰਦੋਲਨ ਚ ਸ਼ਾਮਲ ਨਹੀਂ ਹੈ। ਅਜਿਹੇ ਚ ਉਹ ਮੀਟਿੰਗ ਚ ਕਿਉਂ ਜਾ ਰਿਹਾ ਹੈ? ਜਦੋਂਕਿ ਐਸਕੇਐਮ ਆਗੂ ਵੀ ਇਸ ਨਾਲ ਸਹਿਮਤ ਨਹੀਂ ਸਨ। ਅਜਿਹੇ ਵਿੱਚ ਕਿਸਾਨ ਆਗੂਆਂ ਨੇ ਪਿੱਛੇ ਹਟਣ ਦਾ ਫੈਸਲਾ ਕੀਤਾ ਹੈ। ਦੂਜੇ ਪਾਸੇ ਭਾਜਪਾ ਆਗੂ ਹਰਜੀਤ ਸਿੰਘ ਗਰੇਵਾਲ ਨੇ ਸੁਪਰੀਮ ਕੋਰਟ ਦੀ ਕਮੇਟੀ ਅੱਗੇ ਪੇਸ਼ ਹੋਣ ਦੀ ਗੱਲ ਕਹੀ ਸੀ। ਇਹ ਕਮੇਟੀ ਮਹੱਤਵਪੂਰਨ ਹੈ। ਦੂਜੇ ਪਾਸੇ ਗੈਰ-ਸਿਆਸੀ ਧਿਰ ਦੇ ਐਸਕੇਐਮ ਨੇ ਪਹਿਲਾਂ ਹੀ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਣਗੇ।

# ਪੰਜਾਬ ਸਰਕਾਰ ਵਲੋਂ 3 ਸੀਨੀਅਰ IAS ਅਫਸਰਾਂ ਨਵੇਂ ਸਾਲ ਦਾ ਤੋਹਫ਼ਾ, ਹੋਈ ਪ੍ਰੋਮੋਸ਼ਨ, ਜਲਦ ਮਿਲੇਗੀ ਨਵੀਂ ਪੋਸਟਿੰਗ





ਚੰਡੀਗੜ੍ਹ-(ਲੋਕ ਬਾਣੀ) ਪੰਜਾਬ ਸਰਕਾਰ ਨੇ ਸਾਲ 2000 ਬੈਚ ਦੇ ਤਿੰਨ ਆਈ.ਏ.ਐਸ. ਸੀਨੀਅਰ ਅਧਿਕਾਰੀਆਂ ਦਾ ਪ੍ਰੋਮੋਸ਼ਨ ਕੀਤਾ ਹੈ। ਨਵੇਂ ਸਾਲ ਤੇ ਪੰਜਾਬ ਸਰਕਾਰ ਨੇ ਉਕਤ ਆਈ.ਏ.ਐਸ ਅਧਿਕਾਰੀਆਂ ਨੂੰ ਤੋਹਫਾ ਦਿੱਤਾ ਹੈ। ਇਨ੍ਹਾਂ ਅਧਿਕਾਰੀਆਂ ਨੂੰ ਪ੍ਰਮੁੱਖ ਸਕੱਤਰ, ਵਿੱਤ ਕਮਿਸ਼ਨਰ ਦੇ ਅਹੁਦੇ ਤੇ ਤਰੱਕੀ ਦਿੱਤੀ ਗਈ ਹੈ। ਤਰੱਕੀ ਪ੍ਰਾਪਤ ਅਧਿਕਾਰੀਆਂ ਵਿੱਚ 2000 ਬੈਚ ਦੇ ਆਈਏਐਸ ਅਧਿਕਾਰੀ ਰਾਹੁਲ ਤਿਵਾੜੀ, ਅਲਕਨੰਦਾ ਦਿਆਲ ਅਤੇ ਕੁਮਾਰ ਰਾਹੁਲ ਸ਼ਾਮਲ ਹਨ। ਇਹ ਹੁਕਮ ਮੰਗਲਵਾਰ ਦੇਰ ਸ਼ਾਮ ਜਾਰੀ ਕੀਤੇ ਗਏ।

# ਵਿਜੀਲੈਂਸ ਬਿਊਰੋ ਨੇ ਸਾਲ 2024 ਦੌਰਾਨ 173 ਮੁਲਜ਼ਮ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤੇ : ਚੀਫ ਡਾਇਰੈਕਟਰ ਵਰਿੰਦਰ ਕੁਮਾਰ

ਚੰਡੀਗੜ੍ਹ, (ਲੋਕ ਬਾਣੀ) - ਸਮਾਜ ਵਿੱਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖਤਮ ਕਰਨ, ਰਿਸ਼ਵਤਖੋਰਾਂ ਨੂੰ ਨੱਥ ਪਾਉਣ ਅਤੇ ਜਨਤਕ ਖੇਤਰ ਵਿੱਚੋਂ ਇਸ ਸਮਾਜਿਕ ਬੁਰਾਈ ਨੂੰ ਠੱਲ੍ਹ ਪਾਉਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੰਜਾਬ ਵਿਜੀਲੈਂਸ ਬਿਊਰੋ ਨੇ ਦ੍ਰਿੜਤਾ ਇੱਕ ਬਹੁ-ਨੁਕਾਤੀ ਪਹੁੰਚ ਅਪਣਾਈ ਅਤੇ ਭ੍ਰਿਸ਼ਟਾਚਾਰ ਸਬੰਧੀ ਸਾਲ 2024 ਦੌਰਾਨ 173 ਮੁਲਜ਼ਮ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਚੀਫ ਡਾਇਰੈਕਟਰ-ਕਮ-ਸਪੈਸ਼ਲ ਡੀਜੀਪੀ ਵਰਿੰਦਰ ਕੁਮਾਰ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਸਾਲ 2024 ਦੌਰਾਨ ਵੱਖ-ਵੱਖ ਵਿਭਾਗਾਂ ਦੇ 139 ਅਧਿਕਾਰੀਆਂ/ਕਰਮਚਾਰੀਆਂ ਅਤੇ 34 ਆਮ ਵਿਅਕਤੀਆਂ ਨੂੰ 134 ਟਰੈਪ ਕੇਸਾਂ ਵਿੱਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਵੱਖ-ਵੱਖ ਕਿਸਮ ਦੇ ਭ੍ਰਿਸ਼ਟਾਚਾਰ ਮਾਮਲਿਆਂ ਦੇ ਸਬੰਧ ਵਿੱਚ, ਵਿਜੀਲੈਂਸ ਬਿਊਰੋ ਨੇ 1 ਜਨਵਰੀ ਤੋਂ 31 ਦਸੰਬਰ, 2024 ਤੱਕ 10 ਗਜ਼ਟਿਡ ਅਧਿਕਾਰੀਆਂ (ਜੀ.ਓ.) ਅਤੇ 129 ਨਾਨ-ਗਜ਼ਟਿਡ ਅਧਿਕਾਰੀ (ਐਨ.ਜੀ.ਓ.) ਨੂੰ ਗ੍ਰਿਫਤਾਰ ਕੀਤਾ ਹੈ।



ਵਿਜੀਲੈਂਸ ਬਿਊਰੋ ਦੇ ਮੁਖੀ ਨੇ ਖੁਲਾਸਾ ਕੀਤਾ ਕਿ ਇਸ ਸਾਲ ਦੌਰਾਨ ਹੋਰਨਾਂ ਵਿਭਾਗਾਂ ਤੋਂ ਇਲਾਵਾ ਪੰਜਾਬ ਪੁਲਿਸ ਦੇ 53, ਮਾਲ ਵਿਭਾਗ ਦੇ 33, ਬਿਜਲੀ ਵਿਭਾਗ ਦੇ 9, ਪੰਚਾਇਤਾਂ ਅਤੇ ਪੇਂਡੂ ਵਿਕਾਸ ਦੇ 3, ਸਿਹਤ ਵਿਭਾਗ ਦੇ 8, ਸਥਾਨਕ ਸਰਕਾਰਾਂ ਵਿਭਾਗ ਦੇ 18, ਖੁਰਾਕ ਅਤੇ ਸਿਵਲ ਸਪਲਾਈ ਦੇ 3 ਮੁਲਾਜ਼ਮਾਂ ਨੂੰ ਵੱਖ-ਵੱਖ ਮਾਮਲਿਆਂ ਵਿੱਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਇਸ ਤੋਂ ਇਲਾਵਾ ਵਿਜੀਲੈਂਸ ਬਿਊਰੋ ਨੇ ਵਣ ਵਿਭਾਗ, ਕਿਰਤ, ਵਿੱਤ ਅਤੇ ਟਰਾਂਸਪੋਰਟ ਵਿਭਾਗ ਦੇ ਦੋ-ਦੋ ਮੁਲਾਜ਼ਮਾਂ ਨੂੰ ਵੀ ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚ ਗ੍ਰਿਫਤਾਰ ਕੀਤਾ ਹੈ।

ਬਿਊਰੋ ਦੀ ਕਾਰਗੁਜ਼ਾਰੀ ਬਾਰੇ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਮੁਲਜ਼ਮਾਂ ਵਿਰੁੱਧ 124 ਅਪਰਾਧਿਕ ਕੇਸ ਦਰਜ ਕੀਤੇ ਹਨ, ਜਿਨ੍ਹਾਂ ਵਿੱਚ 29 ਗਜ਼ਟਿਡ ਅਫ਼ਸਰ, 117 ਨਾਨ-ਗਜ਼ਟਿਡ ਅਧਿਕਾਰੀਆਂ ਅਤੇ 117 ਆਮ ਵਿਅਕਤੀ ਸ਼ਾਮਲ ਹਨ। ਇਸ ਤੋਂ ਇਲਾਵਾ 26 ਅਧਿਕਾਰੀਆਂ, 27 ਨਾਨ-ਗਜ਼ਟਿਡ ਅਧਿਕਾਰੀਆਂ ਅਤੇ 7 ਹੋਰ ਆਮ ਵਿਅਕਤੀਆਂ ਵਿਰੁੱਧ ਭ੍ਰਿਸ਼ਟਾਚਾਰ ਦੀਆਂ ਸ਼ਿਕਾਇਤਾਂ ਦੀ ਜਾਂਚ ਲਈ 60 ਵਿਜੀਲੈਂਸ ਪੜਤਾਲਾਂ ਦਰਜ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ 3 ਨਾਨ-ਗਜ਼ਟਿਡ ਅਧਿਕਾਰੀਆਂ ਖਿਲਾਫ ਵੀ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਸਬੰਧੀ 3 ਕੇਸ ਦਰਜ ਕੀਤੇ ਗਏ ਹਨ।

ਇਸ ਤੋਂ ਇਲਾਵਾ, 1 ਗਜ਼ਟਿਡ ਅਧਿਕਾਰੀ ਅਤੇ 1 ਨਾਨ-ਗਜ਼ਟਿਡ ਅਧਿਕਾਰੀਆਂ ਨੂੰ ਵਿਜੀਲੈਂਸ ਬਿਊਰੋ ਵੱਲੋਂ ਦਰਜ ਕੇਸਾਂ ਦਾ ਫੈਸਲਾ ਕਰਦੇ ਸਮੇਂ ਵੱਖ-ਵੱਖ ਅਦਾਲਤਾਂ ਦੁਆਰਾ ਦੋਸ਼ੀ ਠਹਿਰਾਏ ਜਾਣ ਕਾਰਨ ਉਨ੍ਹਾਂ ਦੇ ਸਬੰਧਤ ਪ੍ਰਸ਼ਾਸਨਿਕ ਵਿਭਾਗਾਂ ਦੁਆਰਾ ਉਨ੍ਹਾਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਬਿਊਰੋ ਨੇ ਇਸ ਸਾਲ ਦੌਰਾਨ 71 ਵਿਜੀਲੈਂਸ ਪੜਤਾਲਾਂ ਨੂੰ ਅੰਜਾਮ ਦਿੱਤਾ।

ਇਸ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ ਡੀਜੀਪੀ ਵਿਜੀਲੈਂਸ ਬਿਊਰੋ ਨੇ ਦੱਸਿਆ ਕਿ ਵੱਖ-ਵੱਖ ਸਮਰੱਥ ਅਦਾਲਤਾਂ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਬਿਊਰੋ ਦੁਆਰਾ ਦਰਜ ਕੀਤੇ ਗਏ 41 ਕੇਸਾਂ ਵਿੱਚ 50 ਦੋਸ਼ੀ ਮੁਲਜ਼ਮਾਂ ਨੂੰ ਸਜ਼ਾ ਸੁਣਾਈ ਹੈ, ਜਿਸ ਵਿੱਚ 3 ਗਜ਼ਟਿਡ ਅਧਿਕਾਰੀ, 31 ਨਾਨ-ਗਜ਼ਟਿਡ ਅਧਿਕਾਰੀ ਅਤੇ 16 ਆਮ ਵਿਅਕਤੀ ਸ਼ਾਮਲ ਹਨ ਜਿਨ੍ਹਾਂ ਨੂੰ ਇੱਕ ਸਾਲ ਤੋਂ ਸੱਤ ਸਾਲ ਤੱਕ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਅਦਾਲਤਾਂ ਨੇ ਇਨ੍ਹਾਂ ਮੁਕੱਦਮਿਆਂ ਵਿੱਚ ਦੋਸ਼ੀਆਂ ਨੂੰ 5,000 ਤੋਂ ਰੁਪਏ ਤੋਂ ਲੈ ਕੇ 5,00,000 ਰੁਪਏ ਤੱਕ ਦੇ ਜੁਰਮਾਨੇ ਵੀ ਕੀਤੇ, ਜਿਨ੍ਹਾਂ ਦੀ ਕੁੱਲ ਰਕਮ 22,42,000 ਬਣਦੀ ਹੈ।

ਪਿਛਲੇ ਸਾਲ ਮਨਾਏ ਵਿਜੀਲੈਂਸ ਜਾਗਰੂਕਤਾ ਸਪਤਾਹ ਦੌਰਾਨ ਵਿਜੀਲੈਂਸ ਬਿਊਰੋ ਨੇ ਜਾਗਰੂਕਤਾ ਮੁਹਿੰਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ, ਜਿਸ ਤਹਿਤ ਸਮਾਜ ਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖਤਮ ਕਰਨ ਲਈ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਸੈਮੀਨਾਰ ਅਤੇ ਜਨਤਕ ਮੀਟਿੰਗਾਂ ਕੀਤੀਆਂ ਗਈਆਂ ਅਤੇ ਬਿਊਰੋ ਦੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਮਾਨਦਾਰੀ ਦਾ ਅਹਿਦ ਲਿਆ।

ਉਨ੍ਹਾਂ ਅੱਗੇ ਦੱਸਿਆ ਕਿ ਪਿਛਲੇ ਸਾਲ ਦੌਰਾਨ ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚ ਜਿਨ੍ਹਾਂ ਪ੍ਰਮੁੱਖ ਅਧਿਕਾਰੀਆਂ ਨੂੰ ਗ੍ਰਿਫਤਾਰ ਜਾਂ ਉਨ੍ਹਾਂ ਵਿਰੁੱਧ ਮੁਕੱਦਮੇ ਦਰਜ ਕੀਤੇ ਗਏ ਹਨ, ਉਨ੍ਹਾਂ ਵਿੱਚ ਆਈ.ਏ.ਐਸ. ਅਧਿਕਾਰੀ ਵਿਨੈ ਬੁਬਲਾਨੀ, ਪੀ.ਸੀ.ਐਸ. ਅਧਿਕਾਰੀ ਹਰਪ੍ਰੀਤ ਸਿੰਘ ਸਹਾਇਕ ਕਿਰਤ ਕਮਿਸ਼ਨਰ ਹੁਸ਼ਿਆਰਪੁਰ, ਏ.ਸੀ.ਪੀ. ਨਿਰਦੇਸ਼ ਕੌਰ ਲੁਧਿਆਣਾ, ਕਾਰਜਕਾਰੀ ਇੰਜਨੀਅਰ ਰਣਬੀਰ ਸਿੰਘ ਅਤੇ ਰਜਿੰਦਰ ਸਿੰਘ, ਡੀਸੀਐਫਏ ਪੰਕਜ ਗਰਗ, ਸੀ.ਟੀ.ਪੀ. ਪੰਕਜ ਬਾਵਾ, ਬਾਜਵਾ ਡਿਵੈਲਪਰਜ਼ ਮੋਹਾਲੀ ਦੇ ਮਾਲਕ ਜਰਨੈਲ ਸਿੰਘ ਬਾਜਵਾ ਅਤੇ ਮੈਡੀਕਲ ਅਧਿਕਾਰੀ ਡਾ: ਨਰਿੰਦਰਪਾਲ ਸਿੰਘ ਸ਼ਾਮਲ ਹਨ। ਇਸ ਤੋਂ ਇਲਾਵਾ ਕ੍ਰਮਵਾਰ ਲੁਧਿਆਣਾ, ਫਿਰੋਜ਼ਪੁਰ ਅਤੇ ਮੁਹਾਲੀ ਵਿਖੇ ਤਾਇਨਾਤ ਬੀ.ਡੀ.ਪੀ.ਓਜ਼ ਗੁਰਮੁਖ ਸਿੰਘ, ਸਰਬਜੀਤ ਸਿੰਘ ਅਤੇ ਕੁਲਵਿੰਦਰ ਸਿੰਘ, ਬਲਦੇਵ ਰਾਜ ਡੀ.ਐਫ.ਐਸ.ਓ., ਤਹਿਸੀਲਦਾਰ ਸੁਖਚੈਨ ਸਿੰਘ ਅਤੇ ਲਖਵਿੰਦਰ ਸਿੰਘ, ਦੀਪਕ ਬਿਲਡਰਜ਼ ਦੇ ਦੀਪਕ ਕੁਮਾਰ ਸਿੰਗਲ, ਅਰਵਿੰਦਰ ਸਿੰਘ ਚੀਫ਼ ਇੰਜੀਨੀਅਰ, ਪਰਮਜੀਤ ਸਿੰਘ ਅਤੇ ਸਰਬਰਾਜ ਕੁਮਾਰ ਦੋਵੇਂ ਕਾਰਜਕਾਰੀ ਇੰਜਨੀਅਰਾਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।

# ਚੰਡੀਗੜ੍ਹ ਸ਼ੋਅ ਵਾਂਗ ਹੀ ਦਿਲਜੀਤ ਦੋਸਾਂਝ ਦੇ ਇਸ ਸ਼ੋਅ ਚ ਚੋਰਾਂ ਦੀਆਂ ਹੋਈਆਂ ਮੌਜਾਂ, ਨਵੇਂ ਸਾਲ ਦੇ ਜਸ਼ਨ ਚ 17 ਲੋਕਾਂ ਦੇ ਚੋਰੀ ਹੋਏਫੋਨ



-ਲੁਧਿਆਣਾ: (ਲੋਕ ਬਾਣੀ) ਪੰਜਾਬੀ ਗਾਇਕ ਦਿਲਜੀਤ ਦੁਸਾਂਝ ਵੱਲੋਂ ਬੀਤੀ ਰਾਤ ਪੰਜਾਬ ਦੇ ਲੁਧਿਆਣਾ ਸਥਿਤ ਪੀਏਯੂ ਦੇ ਫੁਟਬਾਲ ਸਟੇਡੀਅਮ ਵਿੱਚ ਦਿਲ- ਲੁਮਾਨਿਟੀ ਦਾ ਟੂਰ ਸਮਾਪਤ ਕੀਤਾ ਗਿਆ। ਲੋਕਾਂ ਨੇ ਨਵੇਂ ਸਾਲ ਦਾ ਜਸ਼ਨ ਬੜੇ ਉਤਸ਼ਾਹ ਨਾਲ ਮਨਾਇਆ। ਦਿਲਜੀਤ ਦੋਸਾਂਝ ਦੇ ਇਸ ਸ਼ੋਅ ਚ ਚੋਰਾਂ ਨੇ ਵੀ ਖੂਬ ਮੌਜਾਂ ਕੀਤੀਆਂ। ਹੌਲੀ-ਹੌਲੀ ਲੋਕ ਪੀਏਯੂ ਥਾਣੇ ਜਾ ਕੇ ਮੋਬਾਈਲ, ਪਰਸ ਆਦਿ ਦੀਆਂ ਸ਼ਿਕਾਇਤਾਂ ਦਰਜ ਕਰਵਾ ਰਹੇ ਹਨ। ਸਖ਼ਤ ਸੁਰੱਖਿਆ ਦੇ ਬਾਵਜੂਦ ਲੋਕਾਂ ਦੀਆਂ ਜੇਬਾਂ ਵਿੱਚੋਂ ਮੋਬਾਈਲ ਫ਼ੋਨ ਚੋਰੀ ਹੋ ਗਏ। ਹੁਣ ਤੱਕ ਕਰੀਬ 17 ਮੋਬਾਈਲ ਫੋਨਾਂ ਦੀ ਅਧਿਕਾਰਤ ਪੁਸ਼ਟੀ ਹੋ ਚੁੱਕੀ ਹੈ। ਪੀਏਯੂ ਥਾਣੇ ਵਿੱਚ ਮੋਬਾਈਲ ਫੋਨ ਚੋਰੀ ਹੋਣ ਦੀਆਂ ਕਰੀਬ 17 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ।

ਸੂਤਰਾਂ ਅਨੁਸਾਰ ਪਤਾ ਲੱਗਾ ਹੈ ਕਿ ਕਰੀਬ 15 ਤੋਂ 20 ਵਿਅਕਤੀ ਅਜਿਹੇ ਹਨ ਜਿਨ੍ਹਾਂ ਨੇ ਅਜੇ ਤੱਕ ਥਾਣੇ ਵਿੱਚ ਚੋਰੀ ਦੀ ਸ਼ਿਕਾਇਤ ਦਰਜ ਨਹੀਂ ਕਰਵਾਈ ਹੈ। ਚੋਰੀ ਦੀਆਂ ਘਟਨਾਵਾਂ ਕਾਰਨ ਲੋਕ ਵੀ ਕਾਫੀ ਪ੍ਰੇਸ਼ਾਨ ਹਨ।

ਪੀਏਯੂ ਥਾਣੇ ਦੇ ਐਸਐਚਓ ਰਜਿੰਦਰ ਸਿੰਘ ਨੇ ਦੱਸਿਆ ਕਿ ਹੁਣ ਤੱਕ 15 ਤੋਂ 17 ਵਿਅਕਤੀਆਂ ਦੇ ਮੋਬਾਈਲ ਚੋਰੀ ਹੋਣ ਦੀਆਂ ਸ਼ਿਕਾਇਤਾਂ ਥਾਣੇ ਵਿੱਚ ਆ ਚੁੱਕੀਆਂ ਹਨ। ਪੁਲਸ ਚੋਰੀ ਹੋਏ ਫੋਨ ਨੂੰ ਟਰੇਸ ਕਰਨ ਚ ਲੱਗੀ ਹੋਈ ਹੈ। ਪੁਲਿਸ ਲੋਕਾਂ ਨੂੰ ਵੀ ਅਪੀਲ ਕਰਦੀ ਹੈ ਕਿ ਜਦੋਂ ਵੀ ਉਹ ਭੀੜ ਵਾਲੀ ਥਾਂ ਤੇ ਜਾਂਦੇ ਹਨ ਤਾਂ ਆਪਣੇ ਮੋਬਾਈਲ ਅਤੇ ਪਰਸ ਦਾ ਖਾਸ ਧਿਆਨ ਰੱਖਣ।

# ਜਿਲ੍ਹਾ ਪ੍ਰਸ਼ਾਸਨ ਨੇ 1700 ਟੀ ਬੀ ਮਰੀਜਾਂ ਨੂੰ ਖ਼ੁਰਾਕ ਲਈ ਗੋਦ ਲਿਆ

ਅੰਮ੍ਰਿਤਸਰ (ਲੋਕ ਬਾਣੀ) -- ਰਾਸ਼ਟਰੀ ਤਪਦਿਕ ਮਿਟਾਓ ਪ੍ਰੋਗਰਾਮ ਤਹਿਤ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵਲੋਂ ਟੀ ਬੀ ਮੁਕਤ ਭਾਰਤ ਅਭਿਆਨ ਤਹਿਤ 100 ਦਿਨਾਂ ਦੀ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਜਨ ਜਨ ਦਾ ਰੱਖੋ ਧਿਆਨ -ਟੀ ਬੀ ਮੁਕਤ ਭਾਰਤ ਅਭਿਆਨ ਅਤੇ ਸਾਰੇ ਹੋਣਗੇ ਜੇ ਸਾਥ- ਤਾਂ ਟੀ ਬੀ ਨੂੰ ਦੇਣਗੇ ਮਾਤ ਦੇ ਨਾਅਰੇ ਤਹਿਤ ਪਿੰਡ ਪੱਧਰ ਤੱਕ ਇਸ ਮੁਹਿੰਮ ਨੂੰ ਲੈ ਕੇ ਜਾਇਆ ਜਾਵੇਗਾ। ਇਹ ਐਲਾਨ ਕਰਦੇ ਹੋਏ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਸਿਰਫ ਖੰਘ ਹੀ ਟੀ ਬੀ ਦਾ ਲੱਛਣ ਨਹੀਂ, ਜੇਕਰ ਤੁਹਾਨੂੰ ਬਲਗਮ ਵਾਲੀ ਖੰਘ, ਖ਼ੂਨ ਆਉਣਾ, ਬੁਖਾਰ ਹੋਣਾ, ਛਾਤੀ ਵਿੱਚ ਦਰਦ, ਸਰੀਰਕ ਬਦਲਾਅ, ਭਾਰ ਘੱਟਣਾ, ਰਾਤ ਨੂੰ ਪਸੀਨਾ ਆਉਣਾ, ਪੁਰਾਣੀ ਬਿਮਾਰੀ, ਜਾਂ ਥਕਾਵਟ ਹੁੰਦੀ ਹੋਵੇ ਤਾਂ ਇਨਾਂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ। ਉਨਾਂ ਕਿਹਾ ਕਿ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਸਾਰੇ ਨਿ-ਕਸ਼ੈ ਮਿੱਤਰ ਬਣ ਕੇ ਟੀ ਬੀ ਦੇ ਮਰੀਜਾਂ ਦੀ ਮਦਦ ਕਰੀਏ।

ਦੱਸਣਯੋਗ ਹੈ ਕਿ ਇਸ ਮਹਿਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 1700 ਟੀ ਬੀ ਮਰੀਜਾਂ ਨੂੰ ਖੁਰਾਕ ਮੁਹਈਆ ਕਰਾਉਣ ਲਈ ਗੋਦ ਲਿਆ ਗਿਆ ਹੈ, ਜਿਸ ਵਿਚੋਂ ਜਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਵੀ ਟੀ ਬੀ ਦੇ 100 ਮਰੀਜਾਂ ਨੂੰ ਅਡਾਪਟ ਕੀਤਾ ਗਿਆ ਹੈ ਅਤੇ ਉਨਾਂ ਦਾ ਸਾਰਾ ਖਰਚਾ ਇਹ ਅਧਿਕਾਰੀ ਆਪਣੀ ਜੇਬ ਵਿਚੋਂ ਖਰਚ ਕਰਨਗੇ। ਦੱਸਣਯੋਗ ਹੈ ਕਿ ਡਿਪਟੀ ਕਮਿਸ਼ਨਰ ਵਲੋਂ 10 ਮਰੀਜਾਂ ਨੂੰ ਅਡਾਪਟ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪ੍ਰਸ਼ਾਸਨ ਦੇ ਹੋਰ ਅਧਿਕਾਰੀਆਂ ਵਲੋਂ ਵੀ ਟੀ ਬੀ ਦੇ ਮਰੀਜਾਂ ਨੂੰ ਅਡਾਪਟ ਕੀਤਾ ਜਾ ਰਿਹਾ ਹੈ ਤਾਂ ਜੋ ਜਿਲ੍ਹੇ ਨੂੰ ਟੀ ਬੀ ਮੁਕਤ ਬਣਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਟੀ ਬੀ ਦੇ ਹਰੇਕ ਮਰੀਜ਼ ਦਾ ਰਿਕਾਰਡ ਰੱਖਿਆ ਜਾਵੇਗਾ ਅਤੇ ਹਰੇਕ ਲੋੜਵੰਦ ਮਰੀਜ਼ ਨੂੰ ਮਾਹਿਰਾਂ ਦੀ ਸਲਾਹ ਅਨੁਸਾਰ ਸਹੀ ਖੁਰਾਕ ਦਿੱਤੀ ਜਾਵੇਗੀ। ਉਨਾਂ ਦੱਸਿਆ ਕਿ ਜੋ ਮਰੀਜ਼ ਆਰਥਿਕ ਤੌਰ ਉਤੇ ਅਸਮਰੱਥ ਹੋਣ ਕਾਰਨ ਸਹੀ ਖੁਰਾਕ ਨਹੀਂ ਲੈ ਰਹੇ, ਉਹਨਾਂ ਨੂੰ ਜਿਲਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਵਪਾਰਕ ਅਦਾਰਿਆਂ, ਰੈਡ ਕਰਾਸ, ਧਾਰਮਿਕ ਸੰਸਥਾਵਾਂ ਅਤੇ ਦਾਨੀ ਪੁਰਸ਼ਾਂ ਦੇ ਸਹਿਯੋਗ ਨਾਲ ਹਰ ਮਹੀਨੇ ਖੁਰਾਕ ਮੁਹਈਆ ਕਰਵਾਈ ਜਾਵੇ।


ਸਾਹਨੀ ਨੇ ਕਿਹਾ ਕਿ ਜ਼ਿਲ੍ਹੇ ਵਿੱਚੋਂ ਟੀ ਬੀ ਨੂੰ ਖਤਮ ਕਰਨ ਵਾਲਾ ਅੰਮ੍ਰਿਤਸਰ ਪਹਿਲਾ ਜ਼ਿਲ੍ਹਾ ਦੇਸ਼ ਭਰ ਵਿੱਚ ਹੋਣਾ ਚਾਹੀਦਾ ਹੈ ਅਤੇ ਇਸ ਲਈ ਜੋ ਵੀ ਸਮਾਂ, ਸਾਧਨ, ਪੈਸਾ ਅਤੇ ਐਨਰਜੀ ਲਗਾਉਣ ਦੀ ਲੋੜ ਹੋਈ ਅਸੀਂ ਲਗਾਵਾਂਗੇ। ਉਹਨਾਂ ਜ਼ਿਲੇ ਵਿੱਚ ਮੌਜੂਦ 5 ਹਜਾਰ ਤੋਂ ਵੱਧ ਮਰੀਜ਼ਾਂ ਦੀ ਰਹਾਇਸ਼ ਅਨੁਸਾਰ ਮੈਪਿੰਗ ਕਰਨ ਦੀ ਹਦਾਇਤ ਵੀ ਕੀਤੀ ਤਾਂ ਜੋ ਉਹਨਾਂ ਦੇ ਇਲਾਕਿਆਂ ਨੂੰ ਧਿਆਨ ਵਿੱਚ ਰੱਖ ਕੇ ਆਸ਼ਾ ਵਰਕਰ ਜਾਂ ਹੋਰ ਕਰਮਚਾਰੀਆਂ ਦੀ ਡਿਊਟੀ ਅਜਿਹੇ ਮਰੀਜ਼ਾਂ ਦੀ ਦਵਾਈ ਅਤੇ ਖੁਰਾਕ ਮੁਹਈਆ ਕਰਵਾਉਣ ਲਈ ਲਗਾਈ ਜਾ ਸਕੇ। ਉਹਨਾਂ ਕਿਹਾ ਕਿ ਅਜਿਹੀ ਪ੍ਰਣਾਲੀ ਅਤੇ ਸਾਧਨ ਕਾਇਮ ਕੀਤੇ ਜਾਣ ਕਿ ਹਰੇਕ ਮਰੀਜ਼ ਨੂੰ ਰੋਜਾਨਾ ਦਵਾਈ ਲੈਣ ਲਈ ਮੋਬਾਇਲ ਉੱਤੇ ਦੋ ਵਾਰ ਮੈਸੇਜ ਜਾਵੇ ਅਤੇ ਇਸ ਤੋਂ ਇਲਾਵਾ ਜਦੋਂ ਉਸ ਦੀ ਖੁਰਾਕ ਜਾਂ ਦਵਾਈ ਮੁੱਕਦੀ ਹੈ ਤਾਂ ਉਸ ਨੂੰ ਹੈਲਪਲਾਈਨ ਨੰਬਰ ਦਿੱਤਾ ਜਾਵੇ ਜੋ ਕਿ ਫੋਨ



ਕਰਕੇ ਸਹਾਇਤਾ ਲੈ ਸਕੇ। ਉਨਾਂ ਨੇ ਇਸ ਲਈ ਜੇਲ ਵਿੱਚ ਬੰਦ ਕੈਦੀਆਂ ਵਿੱਚੋਂ ਵੀ ਟੀ ਬੀ ਦੇ ਮਰੀਜ਼ਾਂ ਦੀ ਸ਼ਨਾਖਤ ਕਰਨ ਅਤੇ ਉਹਨਾਂ ਦਾ ਇਲਾਜ ਨੂੰ ਵੀ ਯਕੀਨੀ ਬਣਾਇਆ ਜਾਵੇਗਾ।

ਉਨਾਂ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਵਲੋਂ ਟੀ ਬੀ ਦੇ ਮਰੀਜਾਂ ਲਈ ਹੈਲਪਲਾਈਨ ਨੰਬਰ 0 183-2422155 ਅਤੇ ਮੋਬਾਇਲ ਨੰਬਰ 90 56454988 ਜਾਰੀ ਕੀਤਾ ਗਿਆ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੋ ਵਿਅਕਤੀ ਟੀ ਬੀ ਮਰੀਜਾਂ ਨੂੰ ਅਡਾਪਟ ਕਰਨਾ ਚਾਹੁੰਦੇ ਹਨ। ਉਹ ਇਸ ਨੇਕ ਕੰਮ ਲਈ ਦਿੱਤੇ ਗਏ ਹੈਲਪਲਾਈਨ ਉਪਰ ਸੰਪਰਕ ਕਰ ਸਕਦੇ ਹਨ ਅਤੇ ਨਿ-ਕਸ਼ੈ ਪੋਰਟਲ ਤੇ ਰਜਿਸਟਰਡ ਹੋ ਕੇ ਲੋੜਵੰਦਾਂ ਦੀ ਮਦਦ ਵੀ ਕਰ ਸਕਦੇ ਹਨ।

# ਅਮਰੀਕਾ ਚ ਨਵੇਂ ਸਾਲ ਦਾ ਜਸ਼ਨ ਮਨਾ ਰਹੇ ਲੋਕਾਂ ਨੂੰ ਟਰੱਕ ਨੇ ਕੁਚਲਿਆ, 10 ਲੋਕਾਂ ਦੀ ਹੋਈ ਮੌਤ



ਅਮਰੀਕਾ-(ਲੋਕ ਬਾਣੀ) -1 ਜਨਵਰੀ ਨੂੰ ਅਮਰੀਕਾ ਦੇ ਲੁਈਸਿਆਨਾ ਸੂਬੇ ਦੇ ਨਿਊ ਓਰਲੀਨਜ਼ ਸ਼ਹਿਰ ਚ ਇਕ ਵਿਅਕਤੀ ਨੇ ਜਸ਼ਨ ਮਨਾ ਰਹੇ ਲੋਕਾਂ ਤੇ ਪਿਕਅੱਪ ਟਰੱਕ ਚੜ੍ਹਾ ਦਿੱਤਾ। ਇਸ ਚ ਘੱਟੋ-ਘੱਟ 10 ਲੋਕਾਂ ਦੀ ਜਾਨ ਜਾ ਚੁੱਕੀ ਹੈ। ਇਸ ਦੇ ਨਾਲ ਹੀ 30 ਤੋਂ ਵੱਧ ਲੋਕ ਜ਼ਖਮੀ ਹੋਏ ਹਨ। ਇਹ ਘਟਨਾ ਬੋਰਬਨ ਸਟਰੀਟ ਤੇ ਵਾਪਰੀ।

ਸੀਐਨਐਨ ਮੁਤਾਬਕ ਉਥੇ ਮੌਜੂਦ ਲੋਕਾਂ ਨੇ ਦੱਸਿਆ ਕਿ ਇੱਕ ਤੇਜ਼ ਰਫ਼ਤਾਰ ਵਾਹਨ ਆਇਆ ਅਤੇ ਭੀੜ ਵਿੱਚ ਜਾ ਵੱਜਿਆ। ਇਸ ਤੋਂ ਬਾਅਦ ਇਕ ਵਿਅਕਤੀ ਇਸ ਤੋਂ ਹੇਠਾਂ ਉਤਰ ਗਿਆ। ਉਸ ਨੇ ਲੋਕਾਂ ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਜਿਸ ਦੇ ਜਵਾਬ ਚ ਪੁਲਸ ਫੋਰਸ ਨੂੰ ਵੀ ਗੋਲੀ ਚਲਾਉਣੀ ਪਈ। ਹਮਲਾਵਰ ਫੜਿਆ ਗਿਆ ਹੈ ਜਾਂ ਨਹੀਂ, ਇਸ ਬਾਰੇ ਅਜੇ ਜਾਣਕਾਰੀ ਉਪਲਬਧ ਨਹੀਂ ਹੈ।

ਏਬੀਸੀ ਨਿਊਜ਼ ਨੇ ਪੁਲਿਸ ਦੇ ਬੁਲਾਰੇ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਹਮਲਾ ਜਾਣਬੁੱਝ ਕੇ ਕੀਤਾ ਗਿਆ ਸੀ। ਇਸ ਘਟਨਾ ਤੋਂ ਬਾਅਦ ਨਵੇਂ ਸਾਲ ਦੇ ਜਸ਼ਨਾਂ ਦਾ ਮਾਹੌਲ ਸੋਗ ਵਿੱਚ ਬਦਲ ਗਿਆ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ ਜ਼ਖਮੀ ਲੋਕਾਂ ਨੂੰ ਨਿਊ ਓਰਲੀਨਜ਼ ਦੇ ਹਸਪਤਾਲ ਚ ਭਰਤੀ ਕਰਵਾਇਆ ਗਿਆ ਹੈ।

# ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਕੰਮਕਾਜ ਦੀ ਕੀਤੀ ਸਮੀਖਿਆ

ਅੰਮ੍ਰਿਤਸਰ (ਲੋਕ ਬਾਣੀ) -- ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਜਿਲਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਹਤ ਵਿਭਾਗ ਦੇ ਕੰਮਕਾਜ ਦੀ ਸਮੀਖਿਆ ਕਰਦੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸਿਹਤ ਸੁਵਿਧਾਵਾਂ ਨੂੰ ਹੇਠਲੇ ਪੱਧਰ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਉਨਾਂ ਕਿਹਾ ਕਿ ਖਾਸ ਤੌਰ ਤੇ ਸਰਹੱਦੀ ਖੇਤਰ ਦੇ ਨਾਲ ਲੱਗਦੇ ਪਿੰਡਾਂ ਵਿੱਚ ਲੋਕਾਂ ਨੂੰ ਸਿਹਤ ਸੁਵਿਧਾਵਾਂ ਹਾਸਿਲ ਕਰਨ ਲਈ ਕੁਝ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਸਿਹਤ ਵਿਭਾਗ ਦਾ ਫਰਜ਼ ਬਣਦਾ ਹੈ ਕਿ ਉਹ ਪਿੰਡ ਪੱਧਰ ਤੱਕ ਆਪਣੀ ਪਹੁੰਚ ਨੂੰ ਯਕੀਨੀ ਬਣਾ ਕੇ ਸਿਹਤ ਸੁਵਿਧਾਵਾਂ ਦਿੱਤੀਆਂ ਜਾਣ। ਉਨਾਂ ਕਿਹਾ ਕਿ ਸਰਹੱਦੀ ਖੇਤਰ ਦੇ ਪਿੰਡਾਂ ਵਿੱਚ ਲੋਕਾਂ ਦੀ ਸਕਰੀਨਿੰਗ ਨੂੰ ਯਕੀਨੀ ਬਣਾਇਆ ਜਾਵੇ ਅਤੇ ਲੋੜ ਪੈਣ ਤੇ ਸਵੈ ਭਾਵ ਨਾਲ ਕੰਮ ਕਰਨ ਵਾਲੇ ਸੁਪਰਸਪੈਸ਼ਲਿਟੀ ਡਾਕਟਰਾਂ ਦੀਆਂ ਸੇਵਾਵਾਂ ਵੀ ਲਈਆਂ ਜਾਣ।

ਡਿਪਟੀ ਕਮਿਸ਼ਨਰ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਖੋਲ੍ਹੇ ਗਏ ਆਮ ਆਦਮੀ ਕਲੀਨਿਕ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆਂ ਕਰਵਾ ਰਹੇ ਹਨ। ਉਨਾਂ ਦੱਸਿਆ ਕਿ ਇਨਾਂ ਕਲੀਨਿਕਾਂ ਵਿੱਚ 80 ਤਰ੍ਹਾਂ ਦੀਆਂ ਦਵਾਈਆਂ ਅਤੇ 38 ਤਰ੍ਹਾਂ ਦੇ ਲੈਬ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਟਪਾ ਐਕਟ ਅਧੀਨ ਅਪ੍ਰੈਲ 2024 ਤੋਂ ਨਵੰਬਰ 2024 ਤੱਕ ਤੰਬਾਕੂ ਕੰਟਰੋਲ ਪ੍ਰੋਗਰਾਮ ਅਧੀਨ 2017 ਚਾਲਾਨ ਕੱਟ ਕੇ 57730/- ਰੁਪਏ ਜੁਰਮਾਨਾ ਲਗਾਇਆ ਗਿਆ ਹੈ ਅਤੇ ਜਿਲ੍ਹੇ ਦੇ 7 ਪਿੰਡਾਂ ਨੂੰ ਤੰਬਾਕੂ ਮੁਕਤ ਕੀਤਾ ਗਿਆ ਹੈ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਿਵਲ ਸਰਜਨ ਡਾ. ਕਿਰਨਦੀਪ ਕੌਰ ਨੇ ਸਿਹਤ ਵਿਭਾਗ ਦੇ ਕੰਮਾਂ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਜਿਲ੍ਹੇ ਵਿੱਚ ਕੁੱਲ ਸ਼ਹਿਰੀ ਆਬਾਦੀ 1318520 ਅਤੇ ਪੇਂਡੂ ਆਬਾਦੀ 140 6113 ਹੈ, ਜਿਨ੍ਹਾਂ ਨੂੰ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ 7 ਹੈਲਥ ਬਲਾਕ, 1 ਜਿਲ੍ਹਾ ਹਸਪਤਾਲ, 2 ਮੈਡੀਕਲ ਕਾਲਜ, 2 ਸਬ-ਡਵੀਜਨਲ ਹਸਪਤਾਲ, 8 ਸੀ.ਐਚ.ਸੀ., 16 ਅਰਬਨ ਪੀ.ਐਚ.ਸੀ., 28 ਪੀ.ਐਚ.ਸੀਜ਼, 819 ਵਿਲੇਜ਼ ਹੈਲਥ ਐਂਡ ਸੈਨੀਟੇਸ਼ਨ ਕਮੇਟੀਆਂ, 1139 ਆਸ਼ਾ ਵਰਕਰ ਪੇਂਡੂ ਖੇਤਰ ਵਿੱਚ ਅਤੇ 382 ਆਸ਼ਾ ਵਰਕਰ ਸ਼ਹਿਰੀ ਖੇਤਰ ਵਿੱਚ ਆਪਣੀਆਂ ਸੇਵਾਵਾਂ ਦੇ ਰਹੇ ਹਨ।

ਉਨਾਂ ਦੱਸਿਆ ਕਿ ਸਿਹਤ ਵਿਭਾਗ ਵਲੋਂ ਚਲਾਈ ਜਾਂਦੀ ਜਨਨੀ ਸੁਰਖਿਆ ਯੋਜਨਾ ਅਧੀਨ ਗਰਭਵਤੀ ਔਰਤਾਂ ਦੀ ਭਲਾਈ ਲਈ ਬਹੁਤ ਹੀ ਮਹੱਤਵਪੂਰਨ ਯੋਜਨਾ ਹੈ। ਇਸ ਸਕੀਮ ਅਧੀਨ ਗਰੀਬੀ ਰੇਖਾਂ ਤੋਂ ਹੇਠਾਂ ਰਹਿੰਦੇ ਪਰਿਵਾਰਾਂ ਅਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਔਰਤਾਂ ਨੂੰ ਸਰਕਾਰੀ ਹਸਪਤਾਲ ਅਤੇ ਮਾਨਤਾ ਪ੍ਰਾਪਤ ਪ੍ਰਾਈਵੇਟ ਹਸਪਤਾਲ ਪੇਂਡੂ ਖੇਤਰ ਵਿੱਚ ਡਲੀਵਰੀ ਕਰਵਾਉਣ ਦੇ 700/- ਰੁਪਏ ਅਤੇ ਸ਼ਹਿਰੀ ਔਰਤਾਂ ਨੂੰ 600/- ਰੁਪਏ ਦਿੱਤੇ ਜਾਂਦੇ ਹਨ। ਉਨਾਂ ਦੱਸਿਆ ਕਿ ਇਸੇ ਤਰ੍ਹਾਂ ਰਾਸ਼ਟਰੀ ਬਾਲ ਸਵਾਸਥਯ ਕਾਰਿਆਕ੍ਰਮ ਅਧੀਨ ਸਕੂਲਾਂ ਵਿੱਚ ਇਕ ਵਾਰ ਅਤੇ ਆਂਗਣਵਾੜੀ ਸੈਂਟਰਾਂ ਵਿੱਚ ਦੋ ਵਾਰ ਚੈਕਅਪ ਕੀਤਾ ਜਾਂਦਾ ਹੈ ਅਤੇ ਇਸ ਸਕੀਮ ਅਧੀਨ ਸਾਲ 2024-25 ਅਧੀਨ 888 ਸਕੂਲਾਂ ਵਿੱਚ ਡਾਕਟਰਾਂ ਵਲੋਂ ਵਿਜਿਟ ਕਰਕੇ 108614 ਵਿਦਿਆਰਥੀਆਂ ਦਾ ਚੈਕਅਪ ਕੀਤਾ ਗਿਆ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਮੁੱਖ ਮੰਤਰੀ ਕੈਂਸਰ ਰਾਹਤ ਕੋਸ਼ ਯੋਜਨਾ ਅਧੀਨ ਕੈਂਸਰ ਪੀੜ੍ਹਤ ਮਰੀਜਾਂ ਦੇ ਲਈ 1.50 ਲੱਖ ਰੁਪਏ ਤੱਕ ਦੀ ਸਹਾਇਤਾ ਰਾਸ਼ੀ ਸਬੰਧਤ ਸਰਕਾਰੀ ਹਸਪਤਾਲ/ਮਾਨਤਾ ਪ੍ਰਾਪਤ ਹਸਪਤਾਲ ਨੂੰ ਦਿੱਤੀ ਜਾਂਦੀ ਹੈ।

ਮੀਟਿੰਗ ਦੌਰਾਨ ਡਾ.ਗੁਰਮੀਤ ਕੌਰ ਡਿਪਟੀ ਮੈਡੀਕਲ ਕਮਿਸ਼ਨਰ ਨੇ ਦੱਸਿਆ ਕਿ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ




ਸਾਲ 2019 ਵਿੱਚ ਸ਼ੁਰੂ ਕੀਤੀ ਗਈ ਸੀ। ਜਿਸ ਤਹਿਤ 11 ਸਰਕਾਰੀ ਹਸਪਤਾਲ ਅਤੇ 77 ਪ੍ਰਾਈਵੇਟ ਹਸਪਤਾਲ ਜਿਲ੍ਹੇ ਵਿੱਚ ਇੰਪੈਨਲਡ ਹਨ। ਉਨਾਂ ਦੱਸਿਆ ਕਿ ਇਸ ਸਕੀਮ ਅਧੀਨ 2019 ਤੋਂ ਲੈ ਕੇ ਨਵੰਬਰ 2024 ਤੱਕ 135089 ਮਰੀਜਾਂ ਨੂੰ 182,80,20,802/-ਰੁਪਏ ਦੀ ਸਹਾਇਤਾ ਦਿੱਤੀ ਜਾ ਚੁੱਕੀ ਹੈ।

ਇਸ ਮੀਟਿੰਗ ਵਿੱਚ ਸਹਾਇਕ ਸਿਵਲ ਸਰਜਨ ਡਾ. ਰਜਿੰਦਰਪਾਲ ਕੌਰ, ਜਿਲ੍ਹਾ ਟੀਕਾਕਰਨ ਅਫ਼ਸਰ ਡਾ. ਭਾਰਤੀ ਧਵਨ, ਜਿਲ੍ਹਾ ਪਰਿਵਾਰ ਤੇ ਭਲਾਈ ਅਫ਼ਸਰ ਡਾ. ਨੀਲਮ ਭਗਤ, ਸਹਾਇਕ ਕਮਿਸ਼ਨਰ ਫੂਡ ਸੇਫ਼ਟੀ ਡਾ. ਰਜਿੰਦਰਪਾਲ, ਜਿਲ੍ਹਾ ਸਿਹਤ ਅਫ਼ਸਰ ਡਾ. ਜਸਪਾਲ ਸਿੰਘ, ਜਿਲ੍ਹਾ ਟੀ ਬੀ ਅਫ਼ਸਰ ਡਾ. ਵਿਜੈ, ਡਿਪਟੀ ਮਾਸ ਮੀਡੀਆ ਅਫ਼ਸਰ ਸ: ਅਮਨਦੀਪ ਸਿੰਘ ਤੋਂ ਇਲਾਵਾ ਹੋਰ ਵੀ ਡਾਕਟਰ ਹਾਜ਼ਰ ਸਨ।

# ਡੀ.ਏ.ਵੀ.ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ੇਸ਼ ਹਵਨ ਯੱਗ ਕਰਦੀਆਂ ਸਾਰਿਆਂ ਨੂੰ ਭੇਂਟ ਕੀਤੀਆਂ ਸ਼ੁਭਕਾਮਨਾਵਾਂ



ਫ਼ਗਵਾੜਾ (ਸੁਸ਼ੀਲ ਸ਼ਰਮਾ) ਡੀ.ਏ.ਵੀ. ਇੰਟਰਨੈਸ਼ਨਲ ਸਕੂਲ, ਅੰਮ੍ਰਿਤਸਰ ਵਿਖੇ ਨਵੇਂ ਸਾਲ ਦੇ ਪਹਿਲੇ ਦਿਨ 1 ਜਨਵਰੀ ਨੂੰ ਪਵਿੱਤਰ ਹਵਨ ਯੱਗ ਦੇ ਆਯੋਜਨ ਨਾਲ ਸਾਲ 2025 ਦਾ ਸਵਾਗਤ ਖੁਸ਼ੀ ਅਤੇ ਉਤਸ਼ਾਹ ਨਾਲ ਕੀਤਾ ਗਿਆ।

ਪਿ੍ਰੰਸੀਪਲ ਡਾ.ਅੰਜਨਾ ਗੁਪਤਾ,ਟੀਚਿੰਗ ਸਟਾਫ਼ ਅਤੇ ਨਾਨ-ਟੀਚਿੰਗ ਸਟਾਫ਼ ਨੇ ਵੈਦਿਕ ਮੰਤਰਾਂ ਦੇ ਜਾਪ ਦੇ ਨਾਲ-ਨਾਲ ਹਵਨ ਦੀ ਪਵਿੱਤਰ ਅਗਨੀ ਤੇ ਚੜ੍ਹਾਵਾ ਚੜ੍ਹਾਇਆ ਅਤੇ ਸਮੁੱਚੇ ਵਿਸ਼ਵ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਵੈਦਿਕ ਭਜਨ ਵੀ ਗਾਏ ਗਏ। ਪਿ੍ਰੰਸੀਪਲ ਡਾ.ਅੰਜਨਾ ਗੁਪਤਾ ਨੇ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਮਾਤਮਾ ਸਿਰਜਣਹਾਰ ਹੈ, ਉਹ ਬੇਅੰਤ,ਬੇਅੰਤ ਅਤੇ ਸਰਬਸ਼ਕਤੀਮਾਨ ਹੈ। ਉਸ ਦੀ ਇੱਛਾ ਦੇ ਵਿਰੁੱਧ ਇਸ ਸੰਸਾਰ ਵਿੱਚ ਕੋਈ ਕੰਮ ਸੰਭਵ ਨਹੀਂ ਹੈ। ਜੇਕਰ ਉਸ ਦੀ ਮਿਹਰ ਨਜ਼ਰ ਆਵੇ ਤਾਂ ਅਸੰਭਵ ਵੀ ਸੰਭਵ ਹੋ ਜਾਂਦਾ ਹੈ। ਮਹਾਰਿਸ਼ੀ ਦਯਾਨੰਦ ਸਰਸਵਤੀ ਨੇ ਉਸੇ ਹੀ ਨਿਰਪੱਖ ਅਤੇ ਸਰਬ-ਵਿਆਪਕ ਪਰਮਾਤਮਾ ਦੀ ਪੂਜਾ ਕੀਤੀ ਸੀ ਅਤੇ ਇਸ ਸੰਸਾਰ ਦੇ ਕਲਿਆਣ ਲਈ ਵੈਦਿਕ ਹਵਨ ਵਿਧੀ ਦਾ ਪ੍ਰਚਾਰ ਕੀਤਾ ਸੀ। ਉਸੇ ਮਹਾਪੁਰਖ ਦੇ ਨਕਸ਼ੇ-ਕਦਮਾਂ ਤੇ ਚੱਲ ਕੇ ਅਸੀਂ ਹਮੇਸ਼ਾ ਮਨੁੱਖਤਾ ਦੀ ਭਲਾਈ ਨੂੰ ਆਪਣਾ ਟੀਚਾ ਸਮਝਦੇ ਹਾਂ। ਇਸ ਲਈ ਅੱਜ ਨਵੇਂ ਸਾਲ ਦੀ ਸ਼ੁਰੂਆਤ ਹਵਨ ਯੱਗ ਨਾਲ ਕਰਦੇ ਹੋਏ ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਸਾਲ 2025 ਸਾਰਿਆਂ ਦੇ ਜੀਵਨ ਵਿੱਚ ਨਵਾਂ ਉਤਸ਼ਾਹ ਅਤੇ ਰੌਣਕ ਲੈ ਕੇ ਆਵੇ ਅਤੇ ਹਰ ਵਿਅਕਤੀ ਵਿੱਚ ਨਵੀਂ ਊਰਜਾ ਭਰੇ। ਇਹ ਸਾਲ ਸਮੁੱਚੇ ਜੀਵ ਜਗਤ ਲਈ ਲਾਭਦਾਇਕ, ਸ਼ੁਭ ਅਤੇ ਸ਼ੁਭ ਹੋਵੇ। ਹਰ ਕੋਈ ਤਰੱਕੀ ਕਰੇ,ਤੰਦਰੁਸਤ ਰਹੇ ਅਤੇ ਖੁਸ਼ ਰੱਖੇ। ਨਵੇਂ ਸਾਲ ਵਿੱਚ ਸਾਡਾ ਦੇਸ਼,ਸਾਡਾ ਸੂਬਾ ਅਤੇ ਸਾਡਾ ਸਕੂਲ ਪਰਿਵਾਰ ਦਿਨ ਦੁਗਣੀ ਤੇ ਚੌਗੁਣੀ ਤਰੱਕੀ ਕਰੇ।

# ਸਿਵਲ ਸਰਜਨ ਦਫਤਰ ਵਿਖੇ ਸਰਬੱਤ ਦੇ ਭਲੇ ਲਈ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ



ਕਪੂਰਥਲਾ/ਫਗਵਾੜਾ (ਸੁਸ਼ੀਲ ਸ਼ਰਮਾ ) ਨਵੇਂ ਸਾਲ ਦੀ ਸ਼ੁਰੂਆਤ ਮੌਕੇ ਸਿਵਲ ਸਰਜਨ ਦਫਤਰ ਵਿਖੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਤੇ ਸ਼ਹਿਰ ਕਪੂਰਥਲਾ ਦੇ ਰਾਗੀ ਜੱਥੇ ਵੱਲੋਂ ਕੀਰਤਨ ਕਰ ਕੇ ਸਮੂਹ ਸੰਗਤ ਨੂੰ ਨਿਹਾਲ ਕੀਤਾ ਗਿਆ ਅਤੇ ਸਰਬਤ ਦੇ ਭਲੇ ਦੀ ਕਾਮਨਾ ਕੀਤੀ ਗਈ। ਸਿਵਲ ਸਰਜਨ ਡਾ. ਰਿਚਾ ਭਾਟੀਆ ਨੇ ਸਮੂਹ ਸਟਾਫ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ । ਉਨ੍ਹਾਂ ਕਿਹਾ ਕਿ ਉਹ ਕਾਮਨਾ ਕਰਦੇ ਹਨ ਕਿ ਨਵਾਂ ਸਾਲ ਸਭ ਲਈ ਖੁਸ਼ੀਆਂ ਲੈ ਕੇ ਆਏ। ਉਨ੍ਹਾਂ ਸਮੂਹ ਸਟਾਫ ਨੂੰ ਆਪਣੀ ਡਿਊਟੀ ਪੂਰੀ ਤਣਦੇਹੀ ਨਾਲ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਸਾਰੇ ਕੰਮ ਸਮੇਂ ਸਿਰ ਨਿਪਟਾਏ ਜਾਣ ਅਤੇ ਆਮ ਜਨਤਾ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪਰੇਸ਼ਾਨੀ ਨਾ ਆਉਣ ਦਿੱਤੀ ਜਾਏ। ਇਸ ਮੌਕੇ ਏਸੀਐਸ ਡਾ. ਅਨੂੰ ਸ਼ਰਮਾ, ਡੀਐਫਪੀਓ ਡਾ ਅਸ਼ੋਕ ਕੁਮਾਰ,ਡਿਪਟੀ ਮੈਡੀਕਲ ਕਮਿਸ਼ਨਰ ਡਾ. ਸੰਦੀਪ ਭੋਲਾ, ਡੀਐਚਓ ਡਾ. ਰਾਜੀਵ ਪਰਾਸ਼ਰ, ਡੀਆਈਓ ਡਾ. ਰਣਦੀਪ ਸਿੰਘ,ਡਾ. ਨਵਪ੍ਰੀਤ ਕੌਰ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਭਾਗ ਸਿੰਘ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਡਿਪਟੀ ਮਾਸ ਮੀਡੀਆ ਅਫ਼ਸਰ ਸੁਖਦਿਆਲ ਸਿੰਘ ,ਸੁਪਰੀਟੈਂਡੈਂਟ ਰਾਮ ਅਵਤਾਰ, ਪਵਨਦੀਪ ਸਿੰਘ, ਸਤਿੰਦਰ ਸਿੰਘ, ਪਵਿੱਤਰ ਸਿੰਘ, ਰਾਮ ਸਿੰਘ, ਰਵਿੰਦਰ ਜੱਸਲ, ਜੋਤੀ ਆਨੰਦ, ਨਿਤਿਨ ਸ਼ਰਮਾ,ਰਾਜਵਿੰਦਰ ਸਿੰਘ,ਸਟੈਨੋ ਅਮਰੀਕ ਸਿੰਘ,ਤੇ ਹੋਰ ਸਟਾਫ ਹਾਜਰ ਸੀ

# ਜਿਲ੍ਹਾ ਪ੍ਰਸ਼ਾਸਨ ਨੇ 1700 ਟੀ ਬੀ ਮਰੀਜਾਂ ਨੂੰ ਖੁਰਾਕ ਲਈ ਗੋਦ ਲਿਆ

## ਜਿਲ੍ਹਾ ਅਧਿਕਾਰੀਆਂ ਨੇ 100 ਮਰੀਜਾਂ ਨੂੰ ਆਪਣੇ ਪੱਧਰ ਤੇ ਕੀਤਾ ਅਡਾਪਟ



ਫ਼ਗਵਾੜਾ (ਸੁਸ਼ੀਲ ਸ਼ਰਮਾ) ਰਾਸ਼ਟਰੀ ਤਪਦਿਕ ਮਿਟਾਓ ਪ੍ਰੋਗਰਾਮ ਤਹਿਤ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵਲੋਂ ਟੀ.ਬੀ.ਮੁਕਤ ਭਾਰਤ ਅਭਿਆਨ ਤਹਿਤ 100 ਦਿਨਾਂ ਦੀ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਜਨ ਜਨ ਦਾ ਰੱਖੋ ਧਿਆਨ-ਟੀ. ਬੀ. ਮੁਕਤ ਭਾਰਤ ਅਭਿਆਨ ਅਤੇ ਸਾਰੇ ਹੋਣਗੇ ਜੇ ਸਾਥ-ਤਾਂ ਟੀ.ਬੀ. ਨੂੰ ਦੇਣਗੇ ਮਾਤ ਦੇ ਨਾਅਰੇ ਤਹਿਤ ਪਿੰਡ ਪੱਧਰ ਤੱਕ ਇਸ ਮੁਹਿੰਮ ਨੂੰ ਲੈ ਕੇ ਜਾਇਆ ਜਾਵੇਗਾ। ਇਹ ਐਲਾਨ ਕਰਦੇ ਹੋਏ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਸਿਰਫ ਖੰਘ ਹੀ ਟੀ.ਬੀ.ਦਾ ਲੱਛਣ ਨਹੀਂ,ਜੇਕਰ ਤੁਹਾਨੂੰ ਬਲਗਮ ਵਾਲੀ ਖੰਘ,ਖੂਨ ਆਉਣਾ,ਬੁਖਾਰ ਹੋਣਾ,ਛਾਤੀ ਵਿੱਚ ਦਰਦ, ਸਰੀਰਕ ਬਦਲਾਅ,ਭਾਰ ਘੱਟਣਾ,ਰਾਤ ਨੂੰ ਪਸੀਨਾ ਆਉਣਾ, ਪੁਰਾਣੀ ਬਿਮਾਰੀ,ਜਾਂ ਥਕਾਵਟ ਹੁੰਦੀ ਹੋਵੇ ਤਾਂ ਇਨਾਂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ। ਉਨਾਂ ਕਿਹਾ ਕਿ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਸਾਰੇ ਨਿ-ਕਸ਼ੈ ਮਿੱਤਰ ਬਣ ਕੇ ਟੀ ਬੀ ਦੇ ਮਰੀਜਾਂ ਦੀ ਮਦਦ ਕਰੀਏ।

ਦੱਸਣਯੋਗ ਹੈ ਕਿ ਇਸ ਮਹਿਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 1700 ਟੀ ਬੀ ਮਰੀਜਾਂ ਨੂੰ ਖੁਰਾਕ ਮੁਹਈਆ ਕਰਾਉਣ ਲਈ ਗੋਦ ਲਿਆ ਗਿਆ ਹੈ,ਜਿਸ ਵਿਚੋਂ ਜਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਵੀ ਟੀ.ਬੀ.ਦੇ 100 ਮਰੀਜਾਂ ਨੂੰ ਅਡਾਪਟ ਕੀਤਾ ਗਿਆ ਹੈ ਅਤੇ ਉਨਾਂ ਦਾ ਸਾਰਾ ਖਰਚਾ ਇਹ ਅਧਿਕਾਰੀ ਆਪਣੀ ਜੇਬ ਵਿਚੋਂ ਖਰਚ ਕਰਨਗੇ। ਦੱਸਣਯੋਗ ਹੈ ਕਿ ਡਿਪਟੀ ਕਮਿਸ਼ਨਰ ਵਲੋਂ 10 ਮਰੀਜਾਂ ਨੂੰ ਅਡਾਪਟ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪ੍ਰਸ਼ਾਸਨ ਦੇ ਹੋਰ ਅਧਿਕਾਰੀਆਂ ਵਲੋਂ ਵੀ ਟੀ. ਬੀ.ਦੇ ਮਰੀਜਾਂ ਨੂੰ ਅਡਾਪਟ ਕੀਤਾ ਜਾ ਰਿਹਾ ਹੈ ਤਾਂ ਜੋ ਜਿਲ੍ਹੇ ਨੂੰ ਟੀ.ਬੀ.ਮੁਕਤ ਬਣਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਟੀ.ਬੀ.ਦੇ ਹਰੇਕ ਮਰੀਜ਼ ਦਾ ਰਿਕਾਰਡ ਰੱਖਿਆ ਜਾਵੇਗਾ ਅਤੇ ਹਰੇਕ ਲੋੜਵੰਦ ਮਰੀਜ਼ ਨੂੰ ਮਾਹਿਰਾਂ ਦੀ ਸਲਾਹ ਅਨੁਸਾਰ ਸਹੀ ਖੁਰਾਕ ਦਿੱਤੀ ਜਾਵੇਗੀ। ਉਨਾਂ ਦੱਸਿਆ ਕਿ ਜੋ ਮਰੀਜ਼ ਆਰਥਿਕ ਤੌਰ ਉਤੇ ਅਸਮਰੱਥ ਹੋਣ ਕਾਰਨ ਸਹੀ ਖੁਰਾਕ ਨਹੀਂ ਲੈ ਰਹੇ, ਉਹਨਾਂ ਨੂੰ ਜਿਲਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਵਪਾਰਕ ਅਦਾਰਿਆਂ,ਰੈਡ ਕਰਾਸ, ਧਾਰਮਿਕ ਸੰਸਥਾਵਾਂ ਅਤੇ ਦਾਨੀ ਪੁਰਸ਼ਾਂ ਦੇ ਸਹਿਯੋਗ ਨਾਲ ਹਰ ਮਹੀਨੇ ਖੁਰਾਕ ਮੁਹਈਆ ਕਰਵਾਈ ਜਾਵੇ।

ਸਾਹਨੀ ਨੇ ਕਿਹਾ ਕਿ ਜ਼ਿਲ੍ਹੇ ਵਿੱਚੋਂ ਟੀ.ਬੀ.ਨੂੰ ਖਤਮ ਕਰਨ ਵਾਲਾ ਅੰਮ੍ਰਿਤਸਰ ਪਹਿਲਾ ਜ਼ਿਲ੍ਹਾ ਦੇਸ਼ ਭਰ ਵਿੱਚ ਹੋਣਾ ਚਾਹੀਦਾ ਹੈ ਅਤੇ ਇਸ ਲਈ ਜੋ ਵੀ ਸਮਾਂ,ਸਾਧਨ,ਪੈਸਾ ਅਤੇ ਐਨਰਜੀ ਲਗਾਉਣ ਦੀ ਲੋੜ ਹੋਈ ਅਸੀਂ ਲਗਾਵਾਂਗੇ। ਉਹਨਾਂ ਜ਼ਿਲੇ ਵਿੱਚ ਮੌਜੂਦ 5 ਹਜਾਰ ਤੋਂ ਵੱਧ ਮਰੀਜ਼ਾਂ ਦੀ ਰਹਾਇਸ਼ ਅਨੁਸਾਰ ਮੈਪਿੰਗ ਕਰਨ ਦੀ ਹਦਾਇਤ ਵੀ ਕੀਤੀ ਤਾਂ ਜੋ ਉਹਨਾਂ ਦੇ ਇਲਾਕਿਆਂ ਨੂੰ ਧਿਆਨ ਵਿੱਚ ਰੱਖ ਕੇ ਆਸ਼ਾ ਵਰਕਰ ਜਾਂ ਹੋਰ ਕਰਮਚਾਰੀਆਂ ਦੀ ਡਿਊਟੀ ਅਜਿਹੇ ਮਰੀਜ਼ਾਂ ਦੀ ਦਵਾਈ ਅਤੇ ਖੁਰਾਕ ਮੁਹਈਆ ਕਰਵਾਉਣ ਲਈ ਲਗਾਈ ਜਾ ਸਕੇ। ਉਹਨਾਂ ਕਿਹਾ ਕਿ ਅਜਿਹੀ ਪ੍ਰਣਾਲੀ ਅਤੇ ਸਾਧਨ ਕਾਇਮ ਕੀਤੇ ਜਾਣ ਕਿ ਹਰੇਕ ਮਰੀਜ਼ ਨੂੰ ਰੋਜਾਨਾ ਦਵਾਈ ਲੈਣ ਲਈ ਮੋਬਾਇਲ ਉੱਤੇ ਦੋ ਵਾਰ ਮੈਸੇਜ ਜਾਵੇ ਅਤੇ ਇਸ ਤੋਂ ਇਲਾਵਾ ਜਦੋਂ ਉਸ ਦੀ ਖੁਰਾਕ ਜਾਂ ਦਵਾਈ ਮੁੱਕਦੀ ਹੈ ਤਾਂ ਉਸ ਨੂੰ ਹੈਲਪਲਾਈਨ ਨੰਬਰ ਦਿੱਤਾ ਜਾਵੇ ਜੋ ਕਿ ਫੋਨ ਕਰਕੇ ਸਹਾਇਤਾ ਲੈ ਸਕੇ। ਉਨਾਂ ਨੇ ਇਸ ਲਈ ਜੇਲ ਵਿੱਚ ਬੰਦ ਕੈਦੀਆਂ ਵਿੱਚੋਂ ਵੀ ਟੀ.ਬੀ.ਦੇ ਮਰੀਜ਼ਾਂ ਦੀ ਸ਼ਨਾਖਤ ਕਰਨ ਅਤੇ ਉਹਨਾਂ ਦਾ ਇਲਾਜ ਨੂੰ ਵੀ ਯਕੀਨੀ ਬਣਾਇਆ ਜਾਵੇਗਾ।

ਉਨਾਂ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਵਲੋਂ ਟੀ.ਬੀ.ਦੇ ਮਰੀਜਾਂ ਲਈ ਹੈਲਪਲਾਈਨ ਨੰਬਰ 0183-2422155 ਅਤੇ ਮੋਬਾਇਲ ਨੰਬਰ 9056454988 ਜਾਰੀ ਕੀਤਾ ਗਿਆ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੋ ਵਿਅਕਤੀ ਟੀ ਬੀ ਮਰੀਜਾਂ ਨੂੰ ਅਡਾਪਟ ਕਰਨਾ ਚਾਹੁੰਦੇ ਹਨ। ਉਹ ਇਸ ਨੇਕ ਕੰਮ ਲਈ ਦਿੱਤੇ ਗਏ ਹੈਲਪਲਾਈਨ ਉਪਰ ਸੰਪਰਕ ਕਰ ਸਕਦੇ ਹਨ ਅਤੇ ਨਿ-ਕਸ਼ੈ ਪੋਰਟਲ ਤੇ ਰਜਿਸਟਰਡ ਹੋ ਕੇ ਲੋੜਵੰਦਾਂ ਦੀ ਮਦਦ ਵੀ ਕਰ ਸਕਦੇ ਹਨ।

# ਪ੍ਰਵਾਸੀ ਭਾਰਤੀ ਬੰਗੜ ਭਰਾਵਾਂ ਨੇ ਪਿੰਡ ਲੱਖਪੁਰ ਦੇ ਵਿਕਾਸ ਲਈ ਡਿਵੈਲਪਮੈਂਟ ਸੁਸਾਇਟੀ ਨੂੰ ਦਿੱਤਾ ਇੱਕ ਲੱਖ ਰੁਪਏ ਦਾ ਚੈੱਕ



ਫਗਵਾੜਾ ( ਸੁਸ਼ੀਲ ਸ਼ਰਮਾ ) ਪਿੰਡ ਲੱਖਪੁਰ ਵਿਖੇ ਐਨ.ਆਰ.ਆਈ. ਵੀਰਾਂ, ਨੌਜਵਾਨਾਂ ਅਤੇ ਪਿੰਡ ਦੇ ਪਤਵੰਤਿਆਂ ਦੇ ਸਹਿਯੋਗ ਸਦਕਾ ਪਿੰਡ ਦੇ ਵਿਕਾਸ ਨੂੰ ਮੁੱਖ ਰੱਖਦਿਆਂ ਗਠਿਤ ਕੀਤੀ ਗਈ ਬ੍ਰਹਮ ਗਿਆਨੀ ਭਗਤ ਜਵਾਲਾ ਦਾਸ ਡਿਵੈਲਪਮੈਂਟ ਸੁਸਾਇਟੀ ਨੂੰ ਸੁਸਾਇਟੀ ਦੇ ਮੁੱਖ ਸਲਾਹਕਾਰ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਦੀ ਪ੍ਰੇਰਣਾ ਸਦਕਾ ਐਨ.ਆਰ. ਆਈ. ਡਾ. ਸਤਨਾਮ ਸਿੰਘ ਬੰਗੜ ਅਤੇ ਮੋਹਨ ਲਾਲ ਬੰਗੜ ਯੂ.ਐਸ.ਏ. ਨੇ ਆਪਣੇ ਦਸਾਂ ਨੋਹਾਂ ਦੀ ਕਿਰਤ ਕਮਾਈ ਵਿਚੋਂ ਇੱਕ ਲੱਖ ਰੁਪਏ ਦਾ ਚੈੱਕ ਪਿੰਡ ਦੇ ਵਿਕਾਸ ਕਾਰਜਾਂ ਲਈ ਦਿੱਤਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਰਪੰਚ ਗੁਰਮੀਤ ਸਿੰਘ ਗੋਗੀ ਅਤੇ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਪ੍ਰਵਾਸੀ ਭਾਰਤੀਆਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਭਰੋਸਾ ਦਿੱਤਾ ਕਿ ਇਸ ਰਕਮ ਦੀ ਵਰਤੋਂ ਸੁਸਾਇਟੀ ਵਲੋਂ ਆਉਂਦੇ ਦਿਨਾਂ ਵਿਚ ਕਰਵਾਏ ਜਾਣ ਵਾਲੇ ਪਿੰਡ ਦੇ ਵਿਕਾਸ ਕਾਰਜਾਂ ਵਿਚ ਪੂਰੀ ਪਾਰਦਰਸ਼ਿਤਾ ਦੇ ਨਾਲ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਪਿੰਡ ਵਿਚ ਸੀਵਰੇਜ, ਸਟਰੀਟ ਲਾਈਟਾਂ, ਬੂਟੇ ਲਗਾਉਣ ਤੋਂ ਇਲਾਵਾ ਬਜੁਰਗਾਂ ਦੇ ਬੈਠਣ ਲਈ ਪਾਰਕ , ਬੱਸ ਸਟੈਂਡ ਆਦਿ ਵਿਚ ਕੁਰਸੀਆਂ ਲਗਵਾਈਆਂ ਜਾਣਗੀਆਂ। ਉਹਨਾਂ ਪਿੰਡ ਨਾਲ ਸਬੰਧਤ ਹੋਰ ਐਨ.ਆਰ.ਆਈ. ਵੀਰਾਂ ਨੂੰ ਵੀ ਪੁਰਜੋਰ ਅਪੀਲ ਕੀਤੀ ਕਿ ਸੁਸਾਇਟੀ ਦਾ ਵੱਧ ਤੋਂ ਵੱਧ ਆਰਥਕ ਸਹਿਯੋਗ ਕੀਤਾ ਜਾਵੇ ਤਾਂ ਜੋ ਪਿੰਡ ਲੱਖਪੁਰ ਨੂੰ ਸ਼ਹਿਰਾਂ ਵਰਗੀਆਂ ਸਾਰੀਆਂ ਸਹੂਲਤਾਂ ਨਾਲ ਲੈਸ ਕੀਤਾ ਜਾ ਸਕੇ। ਇਸ ਮੌਕੇ ਪ੍ਰਵਾਸੀ ਭਾਰਤੀ ਤੇ ਸਾਬਕਾ ਸਰਪੰਚ ਪਿਆਰਾ ਸਿੰਘ ਢੱਡਵਾਲ, ਮੋਹਨ ਸਿੰਘ, ਸ਼ਰਨਜੀਤ ਸਿੰਘ, ਤਰਲੋਚਨ ਸਿੰਘ, ਪਰਮਜੀਤ ਸਿੰਘ, ਕੁਲਦੀਪ ਸਿੰਘ, ਸਰਬਜੀਤ ਸਿੰਘ, ਹਰਵਿੰਦਰ ਸਿੰਘ, ਸੁੱਖ ਮਹਿਮੀ, ਨਿਹਾਲ ਸਿੰਘ ਆਦਿ ਹਾਜਰ ਸਨ

# ਅਲਾਇੰਸ ਕਲੱਬ ਫਗਵਾੜਾ ਰਾਇਲ ਅਤੇ ਸ਼੍ਰੀ ਗੀਤਾ ਭਵਨ ਕੋਚਿੰਗ ਸੈਂਟਰ ਵਿਖੇ ਮਨਾਇਆ ਨਵਾਂ ਸਾਲ

ਫਗਵਾੜਾ ( ਸੁਸ਼ੀਲ ਸ਼ਰਮਾ ) ਅਲਾਇੰਸ ਕਲੱਬ ਫਗਵਾੜਾ ਰਾਇਲ ਵਲੋ ਸਵੱਛਤਾ ਅਭਿਆਨ ਮੰਚ ਅਤੇ ਸ਼੍ਰੀ ਗੀਤਾ ਭਵਨ ਕੋਚਿੰਗ ਸੈਂਟਰ ਕਟੈਹਰਾ ਚੌਕ ਫਗਵਾੜਾ ਦੇ ਸਹਿਯੋਗ ਨਾਲ ਨਵੇਂ ਸਾਲ 2025 ਦਾ ਸਵਾਗਤ ਸੱਭਿਆਚਾਰਕ ਪ੍ਰੋਗਰਾਮ ਦੇ ਨਾਲ ਕੀਤਾ ਗਿਆ ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਟਵਿੰਕਲ ਤੇ ਖੁਸ਼ਬੂ ਨੇ ਮੁੱਖ ਮਹਿਮਾਨ ਵਜੋਂ ਪਹੁੰਚੇ ਅਲਾਇੰਸ ਕਲੱਬ ਦੇ ਇੰਟਰਨੈਸ਼ਨਲ ਡਾਇਰੈਕਟਰ ਜਤਿੰਦਰ ਸਿੰਘ ਕੁੰਦੀ ਅਤੇ ਗੈਸਟ ਆਫ ਆਨਰ ਐਲੀ ਮਨਮੋਹਨ ਕੌਰ ਆਰ.ਸੀ. ਦੇ ਸਵਾਗਤ ਨਾਲ ਕੀਤੀ ਸ਼੍ਰੀ ਗੀਤਾ ਭਵਨ ਕੋਚਿੰਗ ਸੈਂਟਰ ਦੇ ਡਾਇਰੈਟਰ ਮਦਨ ਮੋਹਨ ਖੱਟਰ ਤੇ ਸਾਥੀਆਂ ਨੇ ਵੀ ਸਮੂਹ ਪਤਵੰਤਿਆਂ ਨੂੰ ਜੀ ਆਇਆਂ ਆਖਿਆ ਵਿਦਿਆਰਥੀਆਂ ਨੇ ਸਭਿਆਚਾਰਕ ਪ੍ਰੋਗਰਾਮ ਪੇਸ਼ ਕਰਦਿਆ ਡਾਂਸ, ਕਵਿਤਾਵਾਂ ਅਤੇ ਭਜਨਾਂ ਦੀ ਖੂਬਸੂਰਤ ਪੇਸ਼ਕਾਰੀ ਦਿੱਤੀ। ਵਿਦਿਆਰਥਣ ਸ਼ਾਲੂ, ਪ੍ਰੀਆ, ਰੌਸ਼ਨੀ, ਸ਼ਿਲਪੀ, ਜਸਪ੍ਰੀਤ ਸੰਜਨਾ, ਭਾਰਤੀ ਅਤੇ ਵੰਸ਼ਿਕਾ ਦੀਆਂ ਪੇਸ਼ਕਾਰੀਆਂ ਨੇ ਹਾਜਰੀਨ ਦੀ ਖੂਬ ਵਾਹਵਾਹੀ ਖੱਟੀ। ਅਲਾਇੰਸ ਕਲੱਬ ਫਗਵਾੜਾ ਰਾਇਲ ਦੇ ਪ੍ਰਧਾਨ ਐਲੀ ਵਰੁਣ ਕੁਮਾਰ ਵਧਾਵਨ ਨੇ ਸਮੂਹ ਹਾਜਰੀਨ ਨੂੰ ਨਵੇਂ ਸਾਲ ਦੀਆਂ ਸ਼ੁੱਭ ਇੱਛਾਵਾਂ ਦਿੰਦਿਆਂ ਗੀਤਾ ਭਵਨ ਕੋਚਿੰਗ ਸੈਂਟਰ ਅਤੇ ਮਦਨ ਮੋਹਨ ਖੱਟਰ ਦੇ ਸਾਮਾਜਿਕ ਰੁਝੇਵਿਆਂ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਨੇ ਕਲੱਬ ਦੀਆ ਗਤਿਵਿਧੀਆਂ ਅਤੇ ਸਮਾਜਿਕ ਗਤੀਵਿਧੀਆਂ ਬਾਰੇ ਵੀ ਜਾਣੂ ਕਰਵਾਇਆ ਮੁੱਖ ਮਹਿਮਾਨ ਜਤਿੰਦਰ ਸਿੰਘ ਕੁੰਦੀ, ਮਨਮੋਹਨ ਕੌਰ ਮੱਕੜ ਨੇ ਕੋਚਿੰਗ ਸੈਂਟਰ ਵਿਚ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਕੇਟ ਦਿੱਤੇ ਅਤੇ ਉਹਨਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਸੱਭਿਆਚਾਰਕ ਪੇਸ਼ਕਾਰੀਆਂ ਦੇਣ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕਰਕੇ ਹੌਸਲਾ ਅਫਜਾਈ ਕੀਤੀ ਗਈ। ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ ਅਤੇ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕੀਤੇ ਗਏ। ਇਸ ਮੌਕੇ ਅਧਿਆਪਿਕਾ ਰਾਜ ਰਾਣੀ ਸ਼ਰਮਾ, ਰਚਨਾ, ਵੇਨੁਕਾ , ਵੰਸ਼ਿਕਾ ਤੋਂ ਇਲਾਵਾ ਐਲੀ ਸਰਬਜੀਤ ਸਿੰਘ ਆਨੰਦ ਪੀ.ਆਰ.ਓ., ਐਲੀ ਗੁਰਵਿੰਦਰ ਕੌਰ ਅਨੰਦ, ਐਲੀ ਪਰਮਿੰਦਰ ਕੌਰ ਪਾਹਵਾ, ਐਲੀ ਗੁਰਵੀਰ ਕੌਰ, ਐਲੀ ਰਾਘਵ ਸਮੇਤ ਹੋਰ ਪਤਵੰਤੇ ਵੀ ਹਜ਼ਾਰ ਸਨ



# ਮੇਲਾ ਮਾਘੀ ਗੁਰਦੁਆਰਾ ਸ੍ਰੀ ਟਿੱਬੀ ਸਾਹਿਬ ਦੀ ਖਸਤਾ ਸੜਕ ਠੀਕ ਕਰਨ ਦੀ ਮੰਗ



ਮਲੋਟ (ਲੋਕ ਬਾਣੀ) -ਸ਼੍ਰੀ ਮੁਕਤਸਰ ਸਾਹਿਬ ਦੀ ਚਰਨ ਸ਼ੋ ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਚਾਲ੍ਹੀ ਮੁਕਤਿਆਂ ਦੀ ਯਾਦ ਨੂੰ ਸਮਰਪਿਤ ਮੇਲਾ ਮਾਘੀ ਨੇੜੇ ਆ ਗਿਆ ਹੈ ਪਰ ਗੁਰਦੁਆਰਾ ਸ੍ਰੀ ਟਿੱਬੀ ਸਾਹਿਬ ਕੰਪਲੈਕਸ ਅਤੇ ਕੋਟਕਪੂਰਾ ਬਠਿੰਡਾ ਬਾਈਪਾਸ ਉਪਰ ਮੀਨਾਰ ਏ ਮੁਕਤਾ ਗੇਟ ਦੇ ਸਾਹਮਣੇ ਵਾਲੀ ਸੜਕਾਂ ਦਾ ਅੰਤਾ ਦਾ ਬੁਰਾ ਹਾਲ ਹੈ। ਮੇਲਾ ਮਾਘੀ ਮੌਕੇ ਇਨ੍ਹਾਂ ਸੜਕਾਂ ਉਪਰੋਂ ਲੱਖਾਂ ਦੀ ਗਿਣਤੀ ਚ ਸੰਗਤਾਂ ਲੰਘਦੀਆਂ ਹਨ। ਗੁਰਦੁਆਰਾ ਸ੍ਰੀ ਟਿੱਬੀ ਸਾਹਿਬ ਅਤੇ ਸ੍ਰੀ ਦਾਤਣਸਰ ਸਾਹਿਬ ਸਥਾਪਤ ਹੈ। ਦੋਹਾਂ ਗੁਰਦੁਆਰਾ ਸ੍ਰੀ ਟਿੱਬੀ ਸਾਹਿਬ ਅਤੇ ਸ੍ਰੀ ਦਾਤਣਸਰ ਸਾਹਿਬ ਸਥਾਪਤ ਹੈ। ਦੋਹਾਂ ਗੁਰਦੁਆਰਾ ਵਿਚਕਾਰ ਕਰੀਬ ਇਕ ਕਿਲੋਮੀਟਰ ਦੀ ਵਿੱਥ ਹੈ। ਮੇਲਾ ਮਾਘੀ ਮੌਕੇ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਪਹਿਲਾਂ ਗੁਰਦੁਆਰਾ ਸ੍ਰੀ ਟਿੱਬੀ ਸਾਹਿਬ ਪਹੁੰਚਦੀਆਂ ਹਨ ਅਤੇ ਅੱਗੋਂ ਗੁਰਦੁਆਰਾ ਸ੍ਰੀ ਦਾਤਣਸਰ ਸਾਹਿਬ ਨਤਮਸਤਕ ਹੁੰਦੀਆਂ ਹਨ। ਪਰ ਇਸ ਵੇਲੇ ਦੋਹਾਂ ਗੁਰਦੁਆਰਿਆਂ ਵਿਚਕਾਰਨੀ ਸੜਕ ਦਾ ਬੁਰਾ ਹਾਲ ਹੈ। ਸੜਕ ਬੁਰੀ ਤਰ੍ਹਾਂ ਟੁੱਟੀ ਪਈ ਹੈ।ਧੁੰਦਾ ਅਤੇ ਬਾਰਸ਼ਾਂ ਦਾ ਮੌਸਮ ਹੋਣ ਕਰਕੇ ਕੱਚਾ ਰਸਤਾ ਚਿੱਕੜ ਨਾਲ ਭਰਿਆ ਹੋਇਆ ਹੈ। ਜਿਸ ਕਰਕੇ ਸ਼ਰਧਾਲੂਆਂ ਨੂੰ ਭਾਰੀ ਮੁਸ਼ਕਿਲ ਪੇਸ਼ ਆਵੇਗੀ ਇਸ ਸਬੰਧ ਵਿਚ ਗੁਰਦੁਆਰਾ ਸਾਹਿਬ ਦੇ ਮੈਨੇਜਰ ਬਲਦੇਵ ਸਿੰਘ ਨਾਲ ਸੰਪਰਕ ਕਰਨ ਤੇ ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਮੁਰੰਮਤ ਬਹੁਤ ਜ਼ਰੂਰੀ ਹੈ ਇਸ ਵਾਸਤੇ ਉਹ ਡਿਪਟੀ ਕਮਿਸ਼ਨਰ ਨੂੰ ਲਿਖਤੀ ਰੂਪ ਚ ਵੀ ਬੇਨਤੀ ਕਰ ਚੁੱਕੇ ਹਨ ਪਰ ਅਜੇ ਤੱਕ ਕੋਈ ਹੱਲ ਨਹੀਂ ਹੋਇਆ ਲੋਕਾਂ ਦੀ ਵੀ ਮੰਗ ਹੈ ਕਿ ਲੱਖਾਂ ਸ਼ਰਧਾਲੂਆਂ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆ ਇਹ ਰਸਤਾ ਜਲਦੀ ਲੁਕ ਬਜਰੀ ਪਾ ਕੇ ਚਾਲੂ ਕੀਤਾ ਜਾਵੇ

# ਪਿੰਡ ਵਜੀਦੋਵਾਲ ਦੀ ਪੰਚਾਇਤ ਨੇ ਨਵੇਂ ਸਾਲ ਦੀ ਆਮਦ ਦਾ ਕੀਤਾ ਸਵਾਗਤ




ਫਗਵਾੜਾ (ਸੁਸ਼ੀਲ ਸ਼ਰਮਾ ) ਗ੍ਰਾਮ ਪੰਚਾਇਤ ਪਿੰਡ ਵਜੀਦੋਵਾਲ ਵਲੋਂ ਨਵੇਂ ਸਾਲ 2025 ਦੀ ਆਮਦ ਮੌਕੇ ਅੱਜ ਇਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਪੰਚਾਇਤ ਸਕੱਤਰ ਮਲਕੀਤ ਚੰਦ ਕੰਗ ਬੀ.ਡੀ.ਪੀ.ਓ. ਦਫਤਰ ਫਗਵਾੜਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਉਹਨਾਂ ਦਾ ਸਵਾਗਤ ਸਰਪੰਚ ਰਿੰਪਲ ਕੁਮਾਰ ਦੀ ਅਗਵਾਈ ਹੇਠ ਸਮੂਹ ਪੰਚਾਇਤ ਮੈਂਬਰਾਂ ਤੇ ਨਗਰ ਨਿਵਾਸੀਆਂ ਵਲੋਂ ਕੀਤਾ ਗਿਆ। ਸਮਾਗਮ ਦੌਰਾਨ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਲੱਡੂਆਂ ਨਾਲ ਇਕ-ਦੂਸਰੇ ਦਾ ਮੂੰਹ ਮਿੱਠਾ ਕਰਵਾਇਆ ਗਿਆ। ਪੰਚਾਇਤ ਸਕੱਤਰ ਮਲਕੀਤ ਚੰਦ ਕੰਗ ਨੇ ਸਮੂਹ ਹਾਜਰੀਨ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਨਵਾਂ ਸਾਲ ਸਾਰਿਆਂ ਲਈ ਨਵੀਆਂ ਉੰਮੀਦਾਂ ਲੈ ਕੇ ਆਉਂਦਾ ਹੈ, ਇਸ ਲਈ ਉਹ ਪਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਸਾਰਿਆਂ ਦੀਆਂ ਉੰਮੀਦਾਂ ਇਸ ਨਵੇਂ ਸਾਲ ਵਿੱਚ ਪੂਰੀਆਂ ਹੋਣ ਅਤੇ ਇਹ ਸਾਲ ਪੰਜਾਬ ਅਤੇ ਭਾਰਤ ਲਈ ਖੁਸ਼ੀਆਂ, ਖੇੜਿਆਂ ਵਾਲਾ ਸਾਲ ਸਾਬਿਤ ਹੋਵੇ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਇਸ ਸਾਲ ਵਿਚ ਬਲਾਕ ਫਗਵਾੜਾ ਦੇ ਪਿੰਡਾਂ ਦੇ ਕਾਇਆ ਕਲਪ ਲਈ ਯੋਜਨਾਵਾਂ ਤਿਆਰ ਕਰ ਲਈਆਂ ਗਈਆਂ ਹਨ, ਜਿਹਨਾਂ ਨੂੰ ਜਲਦੀ ਹੀ ਅਮਲੀ ਰੂਪ ਦਿੱਤਾ ਜਾਵੇਗਾ। ਸਰਪੰਚ ਰਿੰਪਲ ਕੁਮਾਰ ਨੇ ਵੀ ਸਮੂਹ ਪਿੰਡ ਵਾਸੀਆਂ ਨੂੰ ਨਵੇਂ ਸਾਲ ਦੀ ਮੁਬਾਰਕਬਾਦ ਦਿੱਤੀ। ਉਹਨਾਂ ਭਰੋਸਾ ਦਿੱਤਾ ਕਿ ਪੰਚਾਇਤ ਵਲੋਂ ਪਿੰਡ ਦੀ ਬਿਹਤਰੀ ਲਈ ਨਵੇਂ ਸਾਲ ਵਿਚ ਵੀ ਉਪਰਾਲੇ ਜਾਰੀ ਰਹਿਣਗੇ। ਇਸ ਮੌਕੇ ਰਿਟਾ. ਇੰਸਪੈਕਟਰ ਰਮਨ ਕੁਮਾਰ, ਨੰਬਰਦਾਰ ਸਤੀਸ਼ ਕੁਮਾਰ, ਸੋਮਨਾਥ ਤੋਂ ਇਲਾਵਾ ਮੈਂਬਰ ਪੰਚਾਇਤ ਪੰਡਿਤ ਅਸ਼ੋਕ ਕੁਮਾਰ, ਸੰਜੀਵ ਕੁਮਾਰ, ਨਰਿੰਦਰ ਪਾਲ, ਸਰਬਜੀਤ ਕੌਰ, ਸੰਤੋਸ਼ ਰਾਣੀ, ਰਵੀ ਦੱਤ, ਬਲਰਾਮ ਕੁਮਾਰ, ਚੰਦਰ ਮੋਹਨ, ਬਲਿਹਾਰ ਰਾਮ, ਕੇਸ਼ਾ ਵਜੀਦੋਵਾਲ, ਚਮਨ ਲਾਲ, ਦੇਸਰਾਜ, ਗੁਰਮੇਜ ਰਾਮ, ਸ਼ਿਵ ਕੁਮਾਰ, ਬੀਬੀ ਸ਼ਿੰਦੋ, ਬੀਰੋ, ਸੀਮਾ ਰਾਣੀ, ਜੀਵਨ ਲਾਲ, ਸੋਹਨ ਲਾਲ ਅਤੇ ਪਿੰਡ ਦੇ ਪਤਵੰਤੇ ਹਾਜਰ ਸਨ

# ਹਰਿਆਣਾ ਦੇ ਪੰਜ ਵਾਰ ਦੇ ਮੁੱਖ ਮੰਤਰੀ ਸ਼੍ਰੀ ਓਮ ਪ੍ਰਕਾਸ਼ ਚੌਟਾਲਾ ਜੀ ਦੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਏ



ਮਲੋਟ(ਲੋਕ ਬਾਣੀ) - ਹਰਿਆਣਾ ਦੇ ਸਾਬਕਾ ਪੰਜ ਵਾਰ ਦੇ ਮੁੱਖ ਮੰਤਰੀ ਸ੍ਰੀ ਓਮ ਪ੍ਰਕਾਸ਼ ਜੀ ਚੌਟਾਲਾ ਜੀ ਦੇ ਅੰਤਿਮ ਅਰਦਾਸ ਦੇ ਵਿੱਚ ਸ਼ਾਮਿਲ ਹੋ ਕੇ ਪਿੰਡ ਚੌਟਾਲਾ ਵਿਖੇ ਸ੍ਰੀ ਓਮ ਪ੍ਰਕਾਸ਼ ਚੌਟਾਲਾ ਜੀ ਨੂੰ ਸ਼ਰਧਾਂਜਲੀ ਅਰਪਿਤ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਸ੍ਰੀ ਓਮ ਪ੍ਰਕਾਸ਼ ਚੌਟਾਲਾ ਜੀ ਨੂੰ ਸ਼ਰਧਾਂਜਲੀ ਸਮਾਗਮ ਦੇ ਵਿੱਚ ਸ਼ਾਮਿਲ ਹੋ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਇਸ ਮੌਕੇ ਤੇ ਬੋਲਦਿਆਂ ਸ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ੍ਰੀ ਓਮ ਪ੍ਰਕਾਸ਼ ਚੌਟਾਲਾ ਜੀ ਨੇ ਅਤੇ ਮੇਰੇ ਪਿਤਾ ਸਵ ਸ ਪ੍ਰਕਾਸ਼ ਸਿੰਘ ਬਾਦਲ ਨੇ ਆਪਣੀ ਆਪਣੀ ਸਰਕਾਰ ਸਮੇਂ ਹਮੇਸ਼ਾ ਕਿਸਾਨਾਂ ਤੇ ਮਜ਼ਦੂਰਾਂ ਦੀ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਨੇ ਹਮੇਸ਼ਾ ਭਾਈਚਾਰਕ ਸਾਂਝ ਨੂੰ ਪਹਿਲ ਦਿੱਤੀ। ਮੈਂ ਗੁਰੂ ਚਰਨਾਂ ਚ ਅਰਦਾਸ ਕਰਦਾ ਹਾਂ ਕਿ ਪ੍ਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ ਚ ਨਿਵਾਸ ਬਖਸ਼ਣ ਤੇ ਚੋਟਾਲਾ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਇਸ ਮੌਕੇ ਤੇ ਭਾਰੀ ਮਾਤਰਾ ਵਿੱਚ ਚੌਟਾਲਾ ਪਰਿਵਾਰ ਦੇ ਸਮਰਥਕ ਅਤੇ ਸੈਂਟਰ ਦੇ ਮਨਿਸਟਰ ਅਤੇ ਰਾਜਸਥਾਨ ਦੇ ਅਤੇ ਹਰਿਆਣਾ ਦੇ ਮੁੱਖ ਮੰਤਰੀ ਅਤੇ ਪੰਜਾਬ ਦੇ ਸਾਬਕਾ ਖਜ਼ਾਨਾ ਮੰਤਰੀ ਸਰਦਾਰ ਮਨਪ੍ਰੀਤ ਸਿੰਘ ਬਾਦਲ ਵੀ ਅਤੇ ਬੀਜੇਪੀ ਦੇ ਆਗੂ ਸਾਹਿਬਾਨ ਵੀ ਪਹੁੰਚੇ ਹੋਏ ਸਨ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਮਹਾਨਗਰ ਚ ਗੈਰ-ਕਾਨੂੰਨੀ ਢੰਗ ਨਾਲ ਚੱਲ ਰਹੇ ਜੁਗਾੜ ਵਾਹਨ ਹਾਦਸਿਆਂ ਦਾ ਕਾਰਨ ਬਣ ਰਹੇ ਹਨ - ਨਵਲ ਜੈਨ




ਲੁਧਿਆਣਾ (ਵਰਿੰਦਰ ਪ੍ਰਕਾਸ਼ ਭਾਂਬਰੀ/ਸੁਖਚੈਨ ਮਹਿਰਾ)

ਟ੍ਰੈਫਿਕ ਨਿਯਮਾਂ ਦੀ ਅਣਦੇਖੀ ਕਰਦਿਆਂ ਬਾਈਕ ਅਤੇ ਹੋਰ ਵਾਹਨਾਂ ਦੇ ਇੰਜਣਾਂ ਤੋਂ ਨਜਾਇਜ਼ ਤੌਰ ਤੇ ਬਣਾਏ ਜੁਗਾੜ ਵਾਹਨ ਹਰ ਰੋਜ਼ ਸੜਕਾਂ ਤੇ ਹਾਦਸਿਆਂ ਦਾ ਕਾਰਨ ਬਣ ਰਹੇ ਹਨ ਪਰ ਟ੍ਰੈਫਿਕ ਪੁਲਸ ਇਨ੍ਹਾਂ ਨਾਜਾਇਜ਼ ਵਾਹਨਾਂ ਤੇ ਕਾਰਵਾਈ ਕਰਨ ਦੀ ਬਜਾਏ ਕੁੰਭਕਰਨੀ ਨੀਂਦ ਸੁੱਤੀ ਹੋਈ ਹੈ ਇਹ ਸ਼ਬਦ ਜਿਲਾ ਭਾਜਪਾ ਮੀਤ ਪ੍ਰਧਾਨ ਨਵਲ ਜੈਨ ਨੇ ਆਪਣੇ ਦਫਤਰ ਟਿੱਬਾ ਰੋਡ ਵਿਖੇ ਮੀਡੀਆ ਨਾਲ ਗਲਬਾਤ ਕਰਦਿਆਂ ਹੋਇਆਂ ਕਹੇ।ਨਵਲ ਜੈਨ ਨੇ ਅੱਗੇ ਦੱਸਿਆ ਕਿ ਨਿਯਮਾਂ ਅਨੁਸਾਰ ਕਿਸੇ ਵੀ ਵਾਹਨ ਦੀ ਦਿੱਖ ਨਹੀਂ ਬਦਲੀ ਜਾ ਸਕਦੀ। ਇਨ੍ਹਾਂ ਨੂੰ ਤਿਆਰ ਕਰਦੇ ਸਮੇਂ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨੀ ਜ਼ਰੂਰੀ ਹੈ, ਮਹਾਨਗਰ ਵਿੱਚ ਸਕੂਟਰਾਂ ਅਤੇ ਬਾਈਕ ਦੇ ਇੰਜਣਾਂ ਤੋਂ ਗੈਰ-ਕਾਨੂੰਨੀ ਢੰਗ ਨਾਲ ਬਣਾਏ ਗਏ ਵਾਹਨਾਂ ਦੀ ਗਿਣਤੀ ਵਧ ਰਹੀ ਹੈ। ਉਨ੍ਹਾਂ ਦਾ ਕਿਤੇ ਵੀ ਕੋਈ ਰਿਕਾਰਡ ਨਹੀਂ ਹੈ। ਅਜਿਹੇ ਵਾਹਨ ਨਿਯਮਾਂ ਦੀ ਅਣਦੇਖੀ ਕਰਕੇ ਚਲਾਏ ਜਾ ਰਹੇ ਹਨ। ਇਸ ਤੋਂ ਇਲਾਵਾ ਇਨ੍ਹਾਂ ਕਾਰਨ ਹਰ ਰੋਜ਼ ਸ਼ਹਿਰ ਵਿੱਚ ਜਾਮ ਵਰਗੀ ਸਥਿਤੀ ਬਣੀ ਰਹਿੰਦੀ ਹੈ। ਪੁਲੀਸ ਅਤੇ ਟਰਾਂਸਪੋਰਟ ਵਿਭਾਗ ਵੱਲੋਂ ਕੋਈ ਕਾਰਵਾਈ ਨਾ ਹੋਣ ਕਾਰਨ ਇਹਨਾਂ ਵਿਚ ਵਾਧਾ ਹੁੰਦਾ ਜਾ ਰਿਹਾ।ਇਸ ਦੇ ਨਾਲ ਹੀ, ਉਹ ਵਾਹਨਾਂ ਨੂੰ ਓਵਰਲੋਡ ਕਰਕੇ ਬੇਤਰਤੀਬੇ ਢੰਗ ਨਾਲ ਚਲਾਉਂਦੇ ਹਨ, ਜਿਸ ਕਾਰਨ ਉਨ੍ਹਾਂ ਦੇ ਆਸ-ਪਾਸ ਵਾਹਨ ਚਲਾਉਣ ਵਾਲਿਆਂ ਨੂੰ ਵਾਧੂ ਸਾਵਧਾਨੀ ਵਰਤਣੀ ਪੈਂਦੀ ਹੈ ਅਤੇ ਹਰ ਵੇਲੇ ਦੁਰਘਟਨਾ ਹੋਣ ਦਾ ਡਰ ਬਣਿਆ ਰਹਿੰਦਾ ਹੈ।ਆਰ.ਟੀ.ਓ ਦਫ਼ਤਰ ਵਿੱਚ ਇਨ੍ਹਾਂ ਦਾ ਕੋਈ ਰਿਕਾਰਡ ਨਹੀਂ ਹੈ।ਉਨ੍ਹਾਂ ਕਿਹਾ ਕਿ ਟਿੱਬਾ ਰੋਡ, ਨਿਊ ਸੁਭਾਸ਼ ਨਗਰ, ਤਿਲਕ ਨਗਰ, ਮਾਧੋਪੁਰੀ ਆਦਿ ਇਲਾਕਿਆਂ ਵਿੱਚ ਇਹ ਵਾਹਨ ਅੰਨ੍ਹੇਵਾਹ ਚੱਲ ਰਹੇ ਹਨ। ਟ੍ਰੈਫਿਕ ਪੁਲਸ ਇਨ੍ਹਾਂ ਤੇ ਕੋਈ ਸ਼ਿਕੰਜਾ ਨਹੀਂ ਕੱਸ ਰਹੀ। ਉਨ੍ਹਾਂ ਸਵਾਲ ਕੀਤਾ ਕਿ ਮਹਾਂਨਗਰ ਵਿੱਚ ਇਹ ਨਾਜਾਇਜ਼ ਵਾਹਨ ਕਿਸ ਦੇ ਕਹਿਣ 'ਤੇ ਚਲਾਏ ਜਾ ਰਹੇ ਹਨ। ਟ੍ਰੈਫਿਕ ਪੁਲਿਸ ਵੱਲੋਂ ਆਮ ਜਨਤਾ ਨੂੰ ਤਾਂ ਪ੍ਰੇਸ਼ਾਨ ਕੀਤਾ ਜਾਂਦਾ ਹੈ ਪਰ ਉਹ ਇਹ ਗੈਰ-ਕਾਨੂੰਨੀ ਵਾਹਨਾਂ ਨੂੰ ਦੇਖ ਕੇ ਕਿਉਂ ਅੱਖਾਂ ਬੰਦ ਕਰ ਲੈਂਦੇ ਹਨ, ਇਹ ਇਕ ਸੋਚਣ ਦੀ ਗੱਲ ਹੈ।ਇਸ ਮੌਕੇ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਸੁਰੇਸ਼ ਮਿਗਲਾਨੀ, ਸੁਭਾਸ਼ ਨਗਰ ਮੰਡਲ ਦੇ ਪ੍ਰਧਾਨ ਅਮਿਤ ਰਾਏ ਮੰਡਲ ਜਨਰਲ ਸਕੱਤਰ ਵਿੱਕੀ ਰਾਣਾ ਹਾਜ਼ਰ ਸਨ

# ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਕੰਮਕਾਜ ਦੀ ਕੀਤੀ ਸਮੀਖਿਆ

ਫ਼ਗਵਾੜਾ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਜਿਲਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਹਤ ਵਿਭਾਗ ਦੇ ਕੰਮਕਾਜ ਦੀ ਸਮੀਖਿਆ ਕਰਦੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸਿਹਤ ਸੁਵਿਧਾਵਾਂ ਨੂੰ ਹੇਠਲੇ ਪੱਧਰ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਉਨਾਂ ਕਿਹਾ ਕਿ ਖਾਸ ਤੌਰ ਤੇ ਸਰਹੱਦੀ ਖੇਤਰ ਦੇ ਨਾਲ ਲੱਗਦੇ ਪਿੰਡਾਂ ਵਿੱਚ ਲੋਕਾਂ ਨੂੰ ਸਿਹਤ ਸੁਵਿਧਾਵਾਂ ਹਾਸਿਲ ਕਰਨ ਲਈ ਕੁਝ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਸਿਹਤ ਵਿਭਾਗ ਦਾ ਫਰਜ਼ ਬਣਦਾ ਹੈ ਕਿ ਉਹ ਪਿੰਡ ਪੱਧਰ ਤੱਕ ਆਪਣੀ ਪਹੁੰਚ ਨੂੰ ਯਕੀਨੀ ਬਣਾ ਕੇ ਸਿਹਤ ਸੁਵਿਧਾਵਾਂ ਦਿੱਤੀਆਂ ਜਾਣ। ਉਨਾਂ ਕਿਹਾ ਕਿ ਸਰਹੱਦੀ ਖੇਤਰ ਦੇ ਪਿੰਡਾਂ ਵਿੱਚ ਲੋਕਾਂ ਦੀ ਸਕਰੀਨਿੰਗ ਨੂੰ ਯਕੀਨੀ ਬਣਾਇਆ ਜਾਵੇ ਅਤੇ ਲੋੜ ਪੈਣ ਤੇ ਸਵੈ ਭਾਵ ਨਾਲ ਕੰਮ ਕਰਨ ਵਾਲੇ ਸੁਪਰਸਪੈਸ਼ਲਿਟੀ ਡਾਕਟਰਾਂ ਦੀਆਂ ਸੇਵਾਵਾਂ ਵੀ ਲਈਆਂ ਜਾਣ।

ਡਿਪਟੀ ਕਮਿਸ਼ਨਰ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਖੋਲ੍ਹੇ ਗਏ ਆਮ ਆਦਮੀ ਕਲੀਨਿਕ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆਂ ਕਰਵਾ ਰਹੇ ਹਨ। ਉਨਾਂ ਦੱਸਿਆ ਕਿ ਇਨਾਂ ਕਲੀਨਿਕਾਂ ਵਿੱਚ 80 ਤਰ੍ਹਾਂ ਦੀਆਂ ਦਵਾਈਆਂ ਅਤੇ 38 ਤਰ੍ਹਾਂ ਦੇ ਲੈਬ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਟਪਾ ਐਕਟ ਅਧੀਨ ਅਪ੍ਰੈਲ 2024 ਤੋਂ ਨਵੰਬਰ 2024 ਤੱਕ ਤੰਬਾਕੂ ਕੰਟਰੋਲ ਪ੍ਰੋਗਰਾਮ ਅਧੀਨ 2017 ਚਾਲਾਨ ਕੱਟ ਕੇ 57730/- ਰੁਪਏ ਜੁਰਮਾਨਾ ਲਗਾਇਆ ਗਿਆ ਹੈ ਅਤੇ ਜਿਲ੍ਹੇ ਦੇ 7 ਪਿੰਡਾਂ ਨੂੰ ਤੰਬਾਕੂ ਮੁਕਤ ਕੀਤਾ ਗਿਆ ਹੈ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਿਵਲ ਸਰਜਨ ਡਾ. ਕਿਰਨਦੀਪ ਕੌਰ ਨੇ ਸਿਹਤ ਵਿਭਾਗ ਦੇ ਕੰਮਾਂ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਜਿਲ੍ਹੇ ਵਿੱਚ ਕੁੱਲ ਸ਼ਹਿਰੀ ਆਬਾਦੀ 1318520 ਅਤੇ ਪੇਂਡੂ ਆਬਾਦੀ 1406113 ਹੈ, ਜਿਨ੍ਹਾਂ ਨੂੰ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ 7 ਹੈਲਥ ਬਲਾਕ, 1 ਜਿਲ੍ਹਾ ਹਸਪਤਾਲ, 2 ਮੈਡੀਕਲ ਕਾਲਜ, 2 ਸਬ-ਡਵੀਜਨਲ ਹਸਪਤਾਲ, 8 ਸੀ.ਐਚ.ਸੀ., 16 ਅਰਬਨ ਪੀ.ਐਚ.ਸੀ., 28 ਪੀ.ਐਚ.ਸੀਜ਼, 819 ਵਿਲੇਜ਼ ਹੈਲਥ ਐਂਡ ਸੈਨੀਟੇਸ਼ਨ ਕਮੇਟੀਆਂ, 1139 ਆਸ਼ਾ ਵਰਕਰ ਪੇਂਡੂ ਖੇਤਰ ਵਿੱਚ ਅਤੇ 382 ਆਸ਼ਾ ਵਰਕਰ ਸ਼ਹਿਰੀ ਖੇਤਰ ਵਿੱਚ ਆਪਣੀਆਂ ਸੇਵਾਵਾਂ ਦੇ ਰਹੇ ਹਨ।




ਉਨਾਂ ਦੱਸਿਆ ਕਿ ਸਿਹਤ ਵਿਭਾਗ ਵਲੋਂ ਚਲਾਈ ਜਾਂਦੀ ਜਨਨੀ ਸੁਰਖਿਆ ਯੋਜਨਾ ਅਧੀਨ ਗਰਭਵਤੀ ਔਰਤਾਂ ਦੀ ਭਲਾਈ ਲਈ ਬਹੁਤ ਹੀ ਮਹੱਤਵਪੂਰਨ ਯੋਜਨਾ ਹੈ। ਇਸ ਸਕੀਮ ਅਧੀਨ ਗਰੀਬੀ ਰੇਖਾਂ ਤੋਂ ਹੇਠਾਂ ਰਹਿੰਦੇ ਪਰਿਵਾਰਾਂ ਅਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਔਰਤਾਂ ਨੂੰ ਸਰਕਾਰੀ ਹਸਪਤਾਲ ਅਤੇ ਮਾਨਤਾ ਪ੍ਰਾਪਤ ਪ੍ਰਾਈਵੇਟ ਹਸਪਤਾਲ ਪੇਂਡੂ ਖੇਤਰ ਵਿੱਚ ਡਲੀਵਰੀ ਕਰਵਾਉਣ ਦੇ 700/- ਰੁਪਏ ਅਤੇ ਸ਼ਹਿਰੀ ਔਰਤਾਂ ਨੂੰ 600/- ਰੁਪਏ ਦਿੱਤੇ ਜਾਂਦੇ ਹਨ। ਉਨਾਂ ਦੱਸਿਆ ਕਿ ਇਸੇ ਤਰ੍ਹਾਂ ਰਾਸ਼ਟਰੀ ਬਾਲ ਸਵਾਸਥਯ ਕਾਰਿਆਕ੍ਰਮ ਅਧੀਨ ਸਕੂਲਾਂ ਵਿੱਚ ਇਕ ਵਾਰ ਅਤੇ ਆਂਗਣਵਾੜੀ ਸੈਂਟਰਾਂ ਵਿੱਚ ਦੋ ਵਾਰ ਚੈਕਅਪ ਕੀਤਾ ਜਾਂਦਾ ਹੈ ਅਤੇ ਇਸ ਸਕੀਮ ਅਧੀਨ ਸਾਲ 2024-25 ਅਧੀਨ 888 ਸਕੂਲਾਂ ਵਿੱਚ ਡਾਕਟਰਾਂ ਵਲੋਂ ਵਿਜਿਟ ਕਰਕੇ 108614 ਵਿਦਿਆਰਥੀਆਂ ਦਾ ਚੈਕਅਪ ਕੀਤਾ ਗਿਆ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਮੁੱਖ ਮੰਤਰੀ ਕੈਂਸਰ ਰਾਹਤ ਕੋਸ਼ ਯੋਜਨਾ ਅਧੀਨ ਕੈਂਸਰ ਪੀੜ੍ਹਤ ਮਰੀਜਾਂ ਦੇ ਲਈ 1.50 ਲੱਖ ਰੁਪਏ ਤੱਕ ਦੀ ਸਹਾਇਤਾ ਰਾਸ਼ੀ ਸਬੰਧਤ ਸਰਕਾਰੀ ਹਸਪਤਾਲ/ਮਾਨਤਾ ਪ੍ਰਾਪਤ ਹਸਪਤਾਲ ਨੂੰ ਦਿੱਤੀ ਜਾਂਦੀ ਹੈ।

ਮੀਟਿੰਗ ਦੌਰਾਨ ਡਾ.ਗੁਰਮੀਤ ਕੌਰ ਡਿਪਟੀ ਮੈਡੀਕਲ ਕਮਿਸ਼ਨਰ ਨੇ ਦੱਸਿਆ ਕਿ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸਾਲ 2019 ਵਿੱਚ ਸ਼ੁਰੂ ਕੀਤੀ ਗਈ ਸੀ। ਜਿਸ ਤਹਿਤ 11 ਸਰਕਾਰੀ ਹਸਪਤਾਲ ਅਤੇ 77 ਪ੍ਰਾਈਵੇਟ ਹਸਪਤਾਲ ਜਿਲ੍ਹੇ ਵਿੱਚ ਇੰਪੈਨਲਡ ਹਨ। ਉਨਾਂ ਦੱਸਿਆ ਕਿ ਇਸ ਸਕੀਮ ਅਧੀਨ 2019 ਤੋਂ ਲੈ ਕੇ ਨਵੰਬਰ 2024 ਤੱਕ 135089 ਮਰੀਜਾਂ ਨੂੰ 182,80,20,802/-ਰੁਪਏ ਦੀ ਸਹਾਇਤਾ ਦਿੱਤੀ ਜਾ ਚੁੱਕੀ ਹੈ।

ਇਸ ਮੀਟਿੰਗ ਵਿੱਚ ਸਹਾਇਕ ਸਿਵਲ ਸਰਜਨ ਡਾ. ਰਜਿੰਦਰਪਾਲ ਕੌਰ, ਜਿਲ੍ਹਾ ਟੀਕਾਕਰਨ ਅਫ਼ਸਰ ਡਾ. ਭਾਰਤੀ ਧਵਨ, ਜਿਲ੍ਹਾ ਪਰਿਵਾਰ ਤੇ ਭਲਾਈ ਅਫ਼ਸਰ ਡਾ. ਨੀਲਮ ਭਗਤ, ਸਹਾਇਕ ਕਮਿਸ਼ਨਰ ਫੂਡ ਸੇਫ਼ਟੀ ਡਾ. ਰਜਿੰਦਰਪਾਲ, ਜਿਲ੍ਹਾ ਸਿਹਤ ਅਫ਼ਸਰ ਡਾ. ਜਸਪਾਲ ਸਿੰਘ, ਜਿਲ੍ਹਾ ਟੀ ਬੀ ਅਫ਼ਸਰ ਡਾ. ਵਿਜੈ, ਡਿਪਟੀ ਮਾਸ ਮੀਡੀਆ ਅਫ਼ਸਰ ਸ: ਅਮਨਦੀਪ ਸਿੰਘ ਤੋਂ ਇਲਾਵਾ ਹੋਰ ਵੀ ਡਾਕਟਰ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਸੂਬੇ ਦੇ ਆਂਗਣਵਾੜੀ ਸੈਂਟਰਾਂ ਚ 7 ਜਨਵਰੀ ਤੱਕ ਛੁੱਟੀਆਂ ਚ ਵਾਧਾ ---ਡਾ ਬਲਜੀਤ ਕੌਰ



ਮਲੋਟ(ਲੋਕ ਬਾਣੀ) - ਪੰਜਾਬ ਸਰਕਾਰ ਨੇ ਸੂਬੇ ਦੇ ਆਂਗਣਵਾੜੀ ਸੈਂਟਰਾਂ ਵਿੱਚ ਸਰਦੀਆਂ ਦੇ ਮੌਸਮ ਦੇ ਮੱਦੇਨਜ਼ਰ 3-6 ਸਾਲ ਦੇ ਬੱਚਿਆਂ ਨੂੰ 7 ਜਨਵਰੀ 2025 ਤੱਕ ਛੁੱਟੀਆਂ ਕਰਨ ਦਾ ਫ਼ੈਸਲਾ ਕੀਤਾ ਹੈ। ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ ਬਲਜੀਤ ਕੌਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਦੀਆਂ ਦੇ ਮੌਸਮ ਕਾਰਨ ਛੋਟੇ ਬੱਚਿਆਂ ਦਾ ਆਂਗਣਵਾੜੀ ਸੈਂਟਰਾਂ ਵਿੱਚ ਆਉਣਾ ਬਹੁਤ ਮੁਸ਼ਕਿਲ ਹੈ, ਜਿਸ ਦੇ ਮੱਦੇਨਜਰ ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਸੈਂਟਰਾਂ ਵਿੱਚ 3-ਤੋ 6 ਸਾਲ ਦੇ ਬੱਚਿਆਂ ਨੂੰ 7 ਜਨਵਰੀ 2025 ਤੱਕ ਛੁੱਟੀਆਂ ਕੀਤੀਆਂ ਹਨ। ਆਂਗਣਵਾੜੀ ਵਰਕਰਾਂ ਵੱਲੋਂ 3-6 ਸਾਲ ਦੇ ਬੱਚਿਆਂ ਨੂੰ ਛੁੱਟੀਆਂ ਦੌਰਾਨ ਟੇਕਹੋਮ ਰਾਸ਼ਨ ਦਿੱਤਾ ਜਾਵੇ

# ਸੇਵਾ ਮੁਕਤੀ ਤੇ ਪ੍ਰਿੰਸੀਪਲ ਸੁਰੇਸ਼ ਗੁਪਤਾ ਸਨਮਾਨਿਤ

ਫ਼ਗਵਾੜਾ (ਸੁਸ਼ੀਲ ਸ਼ਰਮਾ )ਪ੍ਰਾਈਵੇਟ ਅਤੇ ਸਿੱਖਿਆ ਵਿਭਾਗ ਪੰਜਾਬ ਵਿੱਚ 31 ਸਾਲਾਂ ਦੀ ਬੇਦਾਗ ਅਤੇ ਸਮਰਪਿਤ ਸੇਵਾਵਾਂ ਤੋਂ ਬਾਅਦ ਪ੍ਰਿੰਸੀਪਲ ਸੁਰੇਸ਼ ਗੁਪਤਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁੱਲਾਰਾਏ ਤੋਂ ਸੇਵਾ ਮੁਕਤ ਹੋ ਗਏ ਸੇਵਾ ਮੁਕਤੀ ਸਕੂਲ ਸਟਾਫ ਅਤੇ ਨਗਰ ਪੰਚਾਇਤ ਭੁੱਲਾਰਾਏ ਵਲੋਂ ਮਹਾਰਾਜਾ ਅਗਰਸੈਨ ਭਵਨ ਜੀ. ਟੀ. ਰੋਡ ਫਗਵਾੜਾ ਵਿਖੇ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਸੁਰੇਸ਼ ਗੁਪਤਾ ਵਲੋਂ ਨਿਭਾਈਆਂ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ ਮੰਚ ਸੰਚਾਲਨ ਕਰਦਿਆਂ ਲੈਕ. ਹਰਜਿੰਦਰ ਗੋਗਨਾ ਅਤੇ ਕਮਲਦੀਪ ਕੌਰ ਨੇ ਸੁਰੇਸ਼ ਗੁਪਤਾ ਵਲੋਂ ਕਮਲਾ ਨਹਿਰੂ ਕਾਲਜ, ਸਸਸਸ ਰਾਣੀਪੁਰ ਅਤੇ ਸਸਸਸ (ਲੜਕੀਆਂ) ਫਗਵਾੜਾ, ਸਸਸਸ ਬੇਗੋਵਾਲ ਅਤੇ ਭੁੱਲਾਰਾਏ ਵਿਖੇ ਨਿਭਾਈਆਂ ਸਮਰਪਿਤ ਸੇਵਾਵਾਂ ਤੇ ਚਾਨਣ ਪਾਇਆ ਨਗਰ ਪੰਚਾਇਤ ਭੁੱਲਾਰਾਏ ਦੇ ਸਾਬਕਾ ਸਰਪੰਚ ਮਾਸਟਰ ਹਰਭਜਨ ਸਿੰਘ ਅਤੇ ਵਰਤਮਾਨ ਸਰਪੰਚ ਰਜਤ ਭਨੋਟ ਨੇ ਸੁਰੇਸ਼ ਗੁਪਤਾ ਦੇ ਕਾਰਜਕਾਲ ਦੌਰਾਨ ਬੱਚਿਆਂ ਵਿੱਚ ਅਨੁਸ਼ਾਸਨ, ਵਿੱਦਿਅਕ ਅਤੇ ਖੇਡਾਂ ਵਿੱਚ ਪ੍ਰਾਪਤੀਆਂ ਅਤੇ ਸਕੂਲ ਬਿਲਡਿੰਗ ਨਿਰਮਾਣ ਵਿੱਚ ਸਕਾਰਾਤਮਿਕ ਯੋਗਦਾਨ ਲਈ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਸਰਕਾਰੀ ਹਾਈ ਸਕੂਲ ਖਲਵਾੜਾ ਦੇ ਇੰਚਾਰਜ ਅਧਿਆਪਕ ਹਰਸਿਮਰਨ ਸਿੰਘ ਨੇ ਸੁਰੇਸ਼ ਗੁਪਤਾ ਦੀ ਮੁਲਾਜ਼ਮ ਪੱਖੀ ਸੋਚ ਦਾ ਵਰਨਣ ਕਰਦਿਆਂ ਸਿੱਖਿਆ ਖੇਤਰ ਦਾ ਚਾਨਣ ਮੁਨਾਰਾ ਦੱਸਿਆ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਗੁਰਸ਼ਰਨ ਸਿੰਘ , ਲੈਕ. ਵਰਿੰਦਰ ਸ਼ਰਮਾ , ਸੁਸ਼ੀਲ ਸ਼ਰਮਾ ਅਤੇ ਅਮਰੀਕ ਸਿੰਘ ਵਲੋਂ ਸੁਰੇਸ਼ ਗੁਪਤਾ ਵਰਗੇ ਅਧਿਆਪਕਾਂ ਨੂੰ ਵਧੀਆ ਸਮਾਜ ਦੇ ਨਿਰਮਾਣ ਦੀ ਲੋੜ ਦੱਸਿਆ ਪ੍ਰਿੰਸੀਪਲ ਰਣਜੀਤ ਗੋਗਨਾ ਅਤੇ ਪ੍ਰਿੰਸੀਪਲ ਸੀਮਾ ਮਿਨਹਾਸ ਵਲੋਂ ਵੀ ਸੁਰੇਸ਼ ਗੁਪਤਾ ਦੇ ਪ੍ਰੇਰਣਾਦਾਇਕ ਸੇਵਾ ਕਾਲ ਨੂੰ ਸਿੱਖਿਆ ਵਿਭਾਗ ਲਈ ਚਾਨਣ ਮੁਨਾਰਾ ਦੱਸਿਆ ਰਾਮਗੜੀਆ ਐਜੂਕੇਸ਼ਨਲ ਕੌਂਸਲ ਚੇਅਰਪਰਸਨ ਮੈਡਮ ਮਨਪ੍ਰੀਤ ਕੌਰ ਭੋਗਲ ਨੇ ਵੀ ਵਿਸ਼ੇਸ਼ ਰੂਪ ਵਿੱਚ ਪਹੁੰਚ ਕੇ ਵਧਾਈ ਦਿੱਤੀ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਸੁਰੇਸ਼ ਗੁਪਤਾ ਵਲੋਂ ਨਿਭਾਈਆਂ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ ਲੈਕ. ਜਸਵਿੰਦਰ ਕੌਰ ਨੇ ਪ੍ਰਿੰਸੀਪਲ ਸੁਰੇਸ਼ ਗੁਪਤਾ ਦੀਆਂ ਸੇਵਾਵਾਂ ਦਾ ਸਾਰ ਮਾਣ ਪੱਤਰ ਰਾਹੀਂ ਪੇਸ਼ ਕੀਤਾ ਅਤੇ ਸਮੂਹ ਸਟਾਫ ਵਲੋਂ ਇਹ ਮਾਣ ਪੱਤਰ ਭੇਂਟ ਕੀਤਾ ਗਿਆ ਆਪਣੇ ਸੰਬੋਧਨ ਵਿੱਚ ਸੁਰੇਸ਼ ਗੁਪਤਾ ਨੇ ਕਿਹਾ ਕਿ ਉਹਨਾਂ ਨੇ ਸੇਵਾ ਕਾਲ ਵਿੱਚ ਬੱਚਿਆਂ ਦੀ ਪੜ੍ਹਾਈ ਅਤੇ ਸਰਕਾਰੀ ਫੰਡ ਦਾ ਇਮਾਨਦਾਰੀ ਨਾਲ ਉਪਯੋਗ ਨੂੰ ਜੀਵਨ ਦਾ ਆਦਰਸ਼ ਬਣਾ ਕੇ ਕੰਮ ਕੀਤਾ ਪਰਿਵਾਰ ਵਲੋਂ ਸੇਵਾ ਮੁਕਤ ਲੈਕ. ਨਿਰਮਲ ਸਿੰਘ ਅਤੇ ਦੀਪਾਂਸ਼ੂ ਗੁਪਤਾ ਵਲੋਂ ਸਭ ਦਾ ਧੰਨਵਾਦ ਕੀਤਾ ਸਮੂਹ ਸੰਸਥਾਵਾਂ ਵਲੋਂ ਉਹਨਾਂ ਨੂੰ ਮੋਮੈਂਟੋ ਅਤੇ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਨਿਸ਼ਾ ਗੁਪਤਾ, ਆਸ਼ਾ ਕੋਹਲੀ, ਰਾਜਨ ਚੋਪੜਾ, ਮਾਧੁਰੀ ਸ਼ਰਮਾ,ਪ੍ਰਿੰਸੀਪਲ ਰਣਜੀਤ ਗੋਗਨਾ, ਸੁਸ਼ੀਲ ਗੋਇਲ, ਪ੍ਰਵੀਨ ਗੁਪਤਾ, ਮੁਕੇਸ਼ ਗੋਇਲ, ਡਾ. ਸੁਨੀਤਾ ਗੁਪਤਾ, ਵਿੱਦਿਆ ਰਤਨ ਬਾਂਸਲ, ਸ਼ਸ਼ੀ ਕਿਰਨ, ਰਾਮ ਲੁਭਾਇਆ, ਰਵੀ ਸਿੰਘ, ਰੀਤੂ ਬਤਰਾ, ਸੁਰਿੰਦਰ ਕੌਰ, ਜੋਗਿੰਦਰ ਪਾਲ. ਹਰਦੀਪ ਸਿੰਘ, ਰਵਿੰਦਰ ਕੌਰ, ਪਰਮਜੀਤ ਕੌਰ, ਸਵਿਤਾ, ਰਣਵੀਰ ਪਰਮਾਰ. ਲਖਵਿੰਦਰ ਕੌਰ, ਸਵਿਤਾ ਪਵਾਰ, ਜੋਤੀ ਸਰੋਆ, ਹਾਜ਼ਰ ਸਨ



# ਬਜ਼ੁਰਗ ਤੇ ਦਿਲ ਦੇ ਮਰੀਜ਼ ਸਵੇਰੇ-ਸ਼ਾਮ ਦੀ ਸੈਰ ਤੋਂ ਕਰਨ ਗੁਰੇਜ਼ : ਡਾ.ਰਿਚਾ ਭਾਟੀਆ

## ਸਿਵਲ ਸਰਜਨ ਵਲੋਂ ਮਰੀਜਾਂ ਦੇ ਇਲਾਜ ਲਈ ਹਸਪਤਾਲਾਂ ਚ ਲੋੜੀਂਦੇ ਇੰਤਜਾਮ ਕਰਨ ਦੀਆਂ ਹਦਾਇਤਾਂ

ਕਪੂਰਥਲਾ/ ਫਗਵਾੜਾ (ਸੁਸ਼ੀਲ ਸ਼ਰਮਾ) ਵੱਧ ਰਹੀ ਠੰਡ ਨਾਲ ਆਮ ਜਨ ਜੀਵਨ ਪ੍ਰਭਾਵਿਤ ਹੋ ਰਿਹਾ ਹੈ ਇਸ ਨਾਲ ਲੋਕਾਂ ਦੀ ਸਿਹਤ ਤੇ ਪ੍ਰਭਾਵ ਪੈਣਾ ਵੀ ਸੁਭਾਵਿਕ ਹੈ। ਸਰਦੀ ਤੋਂ ਲੋਕਾਂ ਨੂੰ ਅਪਣਾ ਬਚਾਅ ਕਰਨ ਦੀ ਸਲਾਹ ਦਿੰਦਿਆਂ ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਨੇ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਅਪੀਲ ਕੀਤੀ ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਸ਼ੀਤ ਲਹਿਰ ਨਾਲ ਬਜ਼ੁਰਗ ਅਤੇ ਛੋਟੇ ਬੱਚੇ ਜਿਆਦਾ ਪ੍ਰਭਾਵਤ ਹੁੰਦੇ ਹਨ। ਉਹਨਾਂ ਨੂੰ ਸਰਦੀ ਲੱਗਣ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ ਇਸ ਲਈ ਬਜ਼ੁਰਗ ਅਤੇ ਦਿਲ ਦੇ ਰੋਗਾਂ ਦੇ ਮਰੀਜ਼ ਸਵੇਰ ਅਤੇ ਦੇਰ ਸ਼ਾਮ ਦੇ ਸਮੇਂ ਜਿਆਦਾ ਠੰਡ ਅਤੇ ਧੁੰਦ ਹੋਣ ਤੇ ਸੈਰ ਕਰਨ ਜਾਂ ਘਰੋਂ ਬਾਹਰ ਜਾਣ ਤੋਂ ਗੁਰੇਜ ਕਰਨ ਅਤੇ ਸ਼ੀਤ ਲਹਿਰ ਦੇ ਮੱਦੇਨਜਰ ਦੁਪਈਆ ਵਾਹਨ ਦੀ ਵਰਤੋ ਘੱਟ ਕੀਤੀ ਜਾਵੇ ਛੋਟੇ ਬੱਚਿਆਂ ਨੂੰ ਇਸ ਮੌਸਮ ਵਿੱਚ ਨਿਮੋਨੀਆ ਹੋਣ ਦਾ ਖਤਰਾ ਜਿਆਦਾ ਰਹਿੰਦਾ ਹੈ ਅਤੇ ਠੰਡ ਲੱਗਣ ਨਾਲ ਛੋਟੇ ਬੱਚਿਆਂ ਨੂੰ ਉਲਟੀ, ਦਸਤ ਵੀ ਲੱਗ ਸਕਦੇ ਹਨ ਇਸ ਲਈ ਬੱਚਿਆਂ ਦੀ ਸੰਭਾਲ ਵੱਲ ਖਾਸ ਧਿਆਨ ਦਿੰਦੇ ਹੋਏ ਸਰਦੀ ਤੋਂ ਬਚਾਅ ਲਈ ਛੋਟੇ ਬੱਚਿਆਂ ਨੂੰ ਪੂਰੀ ਤਰ੍ਹਾਂ ਸਰੀਰ ਢੱਕਣ ਵਾਲੇ ਗਰਮ ਕੱਪੜੇ ਪਾਉਣ ਦੇ ਨਾਲ ਸਿਰ ਤੇ ਟੋਪੀ ਅਤੇ ਪੈਰਾਂ ਵਿੱਚ ਜੁਰਾਬਾਂ ਜ਼ਰੂਰ ਪਾਈਆਂ ਜਾਣ। ਸਰਦੀ ਦੇ ਮੌਸਮ ਵਿੱਚ ਘਰਾਂ ਵਿੱਚ ਬੰਦ ਕਮਰੇ ਵਿੱਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਾ ਸੇਕੀ ਜਾਵੇ, ਕਿਉਂਕਿ ਅੱਗ ਬਲਣ ਨਾਲ ਕਾਰਬਨ ਮੋਨੋਆਕਸਾਈਡ ਗੈਸ ਬਣਦੀ ਹੈ ਅਤੇ ਜਿਸ ਨਾਲ ਬੰਦ ਕਮਰੇ ਵਿੱਚ ਆਕਸੀਜਨ ਦੀ ਕਮੀ ਹੋ ਜਾਂਦੀ ਹੈ, ਜੋ ਕਿ ਸਾਡੇ ਲਈ ਜਾਨਲੇਵਾ ਵੀ ਸਾਬਤ ਹੋ ਸਕਦੀ ਹੈ ਉਹਨਾਂ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਜਿਲ੍ਹੇ ਅਧੀਨ ਆਉਂਦੇ ਹਸਪਤਾਲਾਂ ਦੇ ਸੀਨੀਅਰ ਮੈਡੀਕਲ ਅਫਸਰਾਂ ਨੂੰ ਠੰਡ ਨਾਲ ਪੀੜਤ ਮਰੀਜਾਂ ਦੇ ਇਲਾਜ ਲਈ ਹਸਪਤਾਲਾਂ ਵਿੱਚ ਲੋੜੀਂਦੇ ਇੰਤਜਾਮ ਕਰਨ ਲਈ ਕਿਹਾ ਗਿਆ ਹੈ ਸਿਵਲ ਸਰਜਨ ਡਾਕਟਰ ਰਿਚਾ ਭਾਟੀਆ ਨੇ ਦੱਸਿਆ ਕਿ ਠੰਡ ਵਿੱਚ ਆਪਣੀ ਖੁਰਾਕ ਵਿੱਚ ਵੀ ਗਰਮ ਚੀਜਾਂ ਜਿਵੇਂ ਸੂਪ, ਚਾਹ, ਕਾਫੀ, ਸੰਤੁਲਿਤ ਖੁਰਾਕ ਦਾ ਸੇਵਨ ਕਰਨਾ ਚਾਹੀਦਾ ਹੈ ਇਸ ਮੌਸਮ ਵਿੱਚ ਗਰਮ ਕੱਪੜੇ ਦੋ ਜਾਂ ਤਿੰਨ ਪਰਤਾਂ ਵਿੱਚ ਪਾਏ ਜਾਣ ਤਾਂ ਜੋ ਸ਼ਰੀਰ ਦਾ ਤਾਪਮਾਨ ਨਾਰਮਲ ਬਣਿਆ ਰਹੇ। ਸ਼ਰੀਰ ਵਿੱਚ ਪਾਣੀ ਦੀ ਘਾਟ ਨੂੰ ਪੂਰਾ ਕਰਨ ਲਈ ਥੋੜ੍ਹੇ-ਥੋੜ੍ਹੇ ਸਮੇਂ ਜਾਂ ਲੋੜ ਅਨੁਸਾਰ ਕੋਸਾ ਜਾਂ ਗਰਮ ਗੁਨਗੁਨਾ ਪਾਣੀ ਪੀਤਾ ਜਾਵੇ, ਸੰਤੁਲਿਤ ਖੁਰਾਕ ਦਾ ਸੇਵਨ ਕੀਤਾ ਜਾਵੇ। ਉਹਨਾਂ ਕਿਹਾ ਕਿ ਸਰਦੀ ਲੱਗਣ ਨਾਲ ਆਮ ਤੌਰ ਤੇ ਫ਼ਲੂ ਹੋ ਜਾਂਦਾ ਹੈ ਠੰਡ ਵਿਚ ਕੰਬਣੀ ਆਉਣ ਨੂੰ ਵੀ ਨਜਰਅੰਦਾਜ ਨਾ ਕੀਤਾ ਜਾਵੇ। ਜੇਕਰ ਕੋਈ ਅਜਿਹਾ ਲੱਛਣ ਦਿਖਾਈ ਦਿੰਦਾ ਹੈ ਤਾਂ ਨੇੜੇ ਦੀ ਸਿਹਤ ਸੰਸਥਾ ਵਿੱਚ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ



# ਭਗਵਾਨ ਸ਼ੰਕਰ ਆਸ਼ਰਮ ਵੱਲੋਂ ਨਵੇਂ ਸਾਲ ਮੌਕੇ 21 ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ।

ਚੰਡੀਗੜ੍ਹ/ਮਸੂਰੀ: (ਲੋਕ ਬਾਣੀ) – ਦੇਵਭੂਮੀ ਉੱਤਰਾਖੰਡ ਸਥਿਤ ਆਰੀਆ ਇੰਟਰਨੈਸ਼ਨਲ ਫਾਊਂਡੇਸ਼ਨ ਦੀ ਸਰਪ੍ਰਸਤੀ ਹੇਠ ਸੰਚਾਲਿਤ ਭਗਵਾਨ ਸ਼ੰਕਰ ਆਸ਼ਰਮ ਵੱਲੋਂ ਐਲਾਨੀ ਗਈ ਮਾਂ ਅੰਨਪੂਰਨਾ ਭੰਡਾਰਾ ਕਾਰਡ ਯੋਜਨਾ ਤਹਿਤ ਨਵੇਂ ਸਾਲ ਦੇ ਪਹਿਲੇ ਦਿਨ ਮੁਫਤ ਰਾਸ਼ਨ ਵੰਡਣ ਦਾ ਕੰਮ ਮੁਕੰਮਲ ਕੀਤਾ ਗਿਆ। ਅੱਜ ਇਲਾਕੇ ਦੇ 21 ਅਤਿ ਗਰੀਬ ਅਤੇ ਵਾਂਝੇ ਪਰਿਵਾਰਾਂ ਨੂੰ ਜਨਵਰੀ ਮਹੀਨੇ ਦਾ ਮਹੀਨਾਵਾਰ ਘਰੇਲੂ ਰਾਸ਼ਨ ਵੰਡਿਆ ਗਿਆ। ਕਾਰਜਕਾਰੀ ਬੁਲਾਰੇ ਮਾਂ ਯਾਮਿਨੀ ਅਨੁਸਾਰ ਟਰੱਸਟ ਦੇ ਪ੍ਰਧਾਨ ਅਤੇ ਆਸ਼ਰਮ ਦੇ ਮੁੱਖ ਡੀਨ ਪਰਮਪ੍ਰਿਗਿਆ ਜਗਤਗੁਰੂ ਪ੍ਰੋਫੈਸਰ ਪੁਸ਼ਪੇਂਦਰ ਕੁਮਾਰ ਆਰਿਆਮ ਜੀ ਮਹਾਰਾਜ ਦੇ ਫੈਸਲੇ ਅਨੁਸਾਰ ਆਸ਼ਰਮ ਵੱਲੋਂ ਇਹ ਮੁਹਿੰਮ ਮਾਰਚ 2020 ਤੋਂ ਲੋਕਾਂ ਦੀ ਭਲਾਈ ਲਈ ਚਲਾਈ ਜਾ ਰਹੀ ਹੈ। ਸਾਰੀ ਮਨੁੱਖਤਾ. ਆਸ਼ਰਮ ਵੱਲੋਂ ਚਲਾਈ ਗਈ ਮੁਫਤ ਭੰਡਾਰਾ ਕਾਰਡ ਸਕੀਮ ਤਹਿਤ ਅੱਜ 21 ਪਰਿਵਾਰਾਂ ਨੂੰ ਜਨਵਰੀ ਮਹੀਨੇ ਦਾ ਰਾਸ਼ਨ ਵੰਡਿਆ ਗਿਆ।

ਇਹ ਮੰਨਿਆ ਜਾਂਦਾ ਹੈ ਕਿ ਸਾਲ ਦੇ ਪਹਿਲੇ ਦਿਨ ਅਸੀਂ ਜੋ ਕਿਰਿਆਵਾਂ ਕਰਦੇ ਹਾਂ ਉਹ ਸਾਰਾ ਸਾਲ ਇੱਕ ਪਰਛਾਵਾਂ ਪਾਉਂਦਾ ਹੈ। ਅਸੀਂ ਕਈ ਤਰ੍ਹਾਂ ਦੇ ਸੰਕਲਪ ਲੈਂਦੇ ਹਾਂ, ਪਰ ਜੇਕਰ ਅਸੀਂ ਇਲਾਹੀ ਕੰਮ ਕਰਨ ਦੇ ਸੰਕਲਪ ਲੈ ਸਕਦੇ ਹਾਂ, ਤਾਂ ਸਾਡਾ ਜੀਵਨ ਪ੍ਰਭਾਵਸ਼ਾਲੀ ਹੋਵੇਗਾ ਅਤੇ ਖੁਸ਼ਹਾਲੀ ਵੱਲ ਵਧੇਗਾ। ਸਾਰੇ ਕੰਮ ਪ੍ਰਮਾਤਮਾ ਦੀ ਕਿਰਪਾ ਨਾਲ ਹੀ ਸੰਭਵ ਹਨ, ਪ੍ਰਮਾਤਮਾ ਵੀ ਤੰਦਰੁਸਤੀ ਅਤੇ ਖੁਸ਼ੀਆਂ ਦੇਣ ਵਾਲਾ ਹੈ। ਨਵੇਂ ਸਾਲ ਦੇ ਪਹਿਲੇ ਦਿਨ ਗੁਰੂਦੇਵ ਸ਼੍ਰੀ ਆਰਿਆਮ ਦੀ ਹਜ਼ੂਰੀ ਵਿੱਚ ਆਸ਼ਰਮ ਵਿੱਚ



ਆਏ ਸ਼ਰਧਾਲੂਆਂ ਨੇ ਪੂਰੇ ਸਾਲ ਦਾ ਪੁੰਨ ਇਕੱਠਾ ਕੀਤਾ। ਅੱਜ ਦੀ ਰਾਸ਼ਨ ਵੰਡ ਵਿੱਚ ਭਗਵਾਨ ਸ਼ੰਕਰ ਆਸ਼ਰਮ ਮਾਰੀਸ਼ਸ ਦੇ ਨਵੀਨ ਕੋਜੀ ਅਤੇ ਸਵਿਟਜ਼ਰਲੈਂਡ ਦੇ ਜਿਤੇਸ਼ ਆਰਿਆਮ ਵੀ ਮੌਜੂਦ ਸਨ। ਗਿਆਨ ਅਤੇ ਧਰਮ ਦੀ ਜੋ ਲਾਟ ਅੱਜ ਭਾਰਤ ਵਿਚ ਜਗ ਰਹੀ ਹੈ, ਉਸ ਦੀ ਰੌਸ਼ਨੀ ਪੂਰੀ ਦੁਨੀਆ ਵਿਚ ਚਮਕੇਗੀ।

ਭੰਡਾਰਾ ਕਾਰਡ ਧਾਰਕ ਵਿਅਕਤੀਆਂ ਨੂੰ ਦਿੱਤੀ ਜਾਣ ਵਾਲੀ ਸਮੱਗਰੀ ਵਿੱਚ ਸਾਰੀਆਂ ਵਸਤਾਂ ਦੀ ਗੁਣਵੱਤਾ ਦਾ ਵੀ ਧਿਆਨ ਰੱਖਿਆ ਜਾਂਦਾ ਹੈ। ਇਨ੍ਹਾਂ ਵਸਤਾਂ ਵਿੱਚ 15 ਕਿਲੋ ਕਣਕ ਦਾ ਆਟਾ, 10 ਕਿਲੋ ਚਾਵਲ, 5 ਕਿਲੋ ਚੀਨੀ, ਦੋ ਕਿਲੋ ਕਾਲੇ ਚਨੇ, ਦੋ ਲੀਟਰ ਸਰ੍ਹੋਂ ਦਾ ਤੇਲ, ਚਾਹ ਪੱਤੀ, ਧਨੀਆ ਪਾਊਡਰ, ਲਾਲ ਮਿਰਚ, ਹਲਦੀ ਹਰ 250 ਗ੍ਰਾਮ, ਇੱਕ ਕਿਲੋ ਨਮਕ ਆਦਿ ਸ਼ਾਮਲ ਹਨ। ਬਹੁਤ ਹੀ ਕਮਜ਼ੋਰ, ਬਿਮਾਰ ਅਤੇ ਆਉਣ ਤੋਂ ਅਸਮਰੱਥ ਪਰਿਵਾਰਾਂ ਦੇ ਘਰ ਵੀ ਰਾਸ਼ਨ ਪਹੁੰਚਾਇਆ ਜਾਂਦਾ ਹੈ। ਇਹ ਭੰਡਾਰਾ ਕਾਰਡ ਸਕੀਮ ਆਸ਼ਰਮ ਵੱਲੋਂ ਆਪਣੇ ਬੱਚਿਆਂ, ਬੇਸਹਾਰਾ ਵਿਧਵਾਵਾਂ, ਬੇਸਹਾਰਾ ਅਪਾਹਜਾਂ, ਬਿਮਾਰ ਅਤੇ ਅਤਿ ਗਰੀਬ ਲੋਕਾਂ ਲਈ ਛੱਡੇ ਗਏ ਬਜ਼ੁਰਗਾਂ ਲਈ ਚਲਾਈ ਜਾਂਦੀ ਹੈ, ਜਿਸ ਨੂੰ ਜਲਦੀ ਹੀ ਹੋਰ ਕਈ ਥਾਵਾਂ ਤੇ ਵੀ ਵਧਾਇਆ ਜਾਵੇਗਾ। ਅੱਜ ਦੇ ਇਸ ਵੰਡ ਪ੍ਰੋਗਰਾਮ ਵਿੱਚ ਅੰਜਲੀ ਸੋਨਕਰ, ਪ੍ਰਤਿਭਾ ਆਰੀਆ, ਉਤਕਰਸ਼ ਸਿੰਘ, ਪ੍ਰੀਤੇਸ਼ ਆਰੀਆ, ਸੰਤੋਸ਼, ਰਾਜੇਸ਼ ਤਮਕ, ਹਰੀਸ਼ ਤਿਆਗੀ, ਸੰਜੇ ਮਹਾਜਨ, ਸ਼ਵੇਤਾ ਜੈਸਵਾਲ, ਸੁਨੀਲ ਆਰੀਆ, ਜਿਤੇਸ਼ ਆਰਿਆਮ, ਪ੍ਰਿਆ ਕੋਜੀ, ਗਿਰੀਸ਼ਾ ਕੋਜੀ, ਆਸ਼ੀਸ਼ ਕੁਮਾਰ ਪਾਲ, ਸੋਮਾ ਕੁਮਾਰ ਮੌਜੂਦ ਸਨ ਮੋਹਿਤ ਆਦਿ ਦਾ ਸਹਿਯੋਗ ਸੀ।

# ਸਬ ਡਵੀਜ਼ਨ ਖਰੜ ਦੇ ਪਿੰਡ ਘੜੂੰਆਂ 7, ਤਿਊੜ 17 ਅਤੇ ਜੈਂਤੀ ਦੇਵੀ 28 ਜਨਵਰੀ ਨੂੰ ਵਿਸ਼ੇਸ਼ ਕੈਂਪ: ਗੁਰਮੰਦਰ ਸਿੰਘ



ਖਰੜ, ( ਕਾਲਾ ਸਿੰਘ ਸੈਣੀ )– ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿਚ ਰੋਜ਼ਾਨਾ ਦੇ ਕੰਮਾਂ-ਕਾਰਾਂ ਦੌਰਾਨ ਪੇਸ਼ ਆ ਰਹੀਆਂ ਮੁਸ਼ਕਿਲਾਂ ਤੋਂ ਛੁਟਕਾਰਾ ਦਿਵਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ, ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ 'ਆਪ ਦੀ ਸਰਕਾਰ ਆਪ ਦੇ ਦੁਆਰ' ਤਹਿਤ ਵੱਖ-ਵੱਖ ਪਿੰਡਾਂ/ਸ਼ਹਿਰਾਂ ਵਿਚ ਸਬ-ਡਵੀਜ਼ਨ ਪੱਧਰ 'ਤੇ ਲਗਾਏ ਜਾ ਰਹੇ ਸੁਵਿਧਾ ਕੈਂਪਾਂ ਦੀ ਲੜੀ ਵਿੱਚ, ਨਵੇਂ ਸਾਲ ਦੌਰਾਨ ਖਰੜ ਸਬ ਡਵੀਜਨ ਵਿੱਚ 07 ਜਨਵਰੀ ਨੂੰ ਕਮਿਊਨਟੀ ਸੈਂਟਰ ਘੜੂੰਆਂ ਵਿਖੇ, 17 ਨੂੰ ਤਿਊੜ ਅਤੇ 28 ਨੂੰ ਜੈਂਤੀ ਦੇਵੀ ਵਿਖੇ ਕੈਂਪ ਲਗਾਏ ਜਾ ਰਹੇ ਹਨ, ਜਿਨਾਂ 'ਚ ਮੌਕੇ 'ਤੇ ਹੀ ਸਬੰਧਤ ਵਿਭਾਗਾਂ ਵੱਲੋਂ ਸੇਵਾਵਾਂ ਉਪਲਬਧ ਕਰਵਾਈਆਂ ਜਾਣਗੀਆਂ। ਇਨਾਂ ਕੈਂਪਾਂ ਦਾ ਸਮਾਂ ਸਵੇਰੇ 10.00 ਵਜੇ ਤੋਂ ਦੁਪਿਹਰ 1.00 ਵਜੇ ਤੱਕ ਦਾ ਹੋਵੇਗਾ। ਕੈਂਪ ਦੇ ਨੋਡਲ ਅਫਸਰ ਅਤੇ ਖਰੜ ਦੇ ਐਸ.ਡੀ.ਐਮ. ਗੁਰਮੰਦਰ ਸਿੰਘ ਨੇ ਦੱਸਿਆ ਕਿ 07 ਜਨਵਰੀ, 2025 ਨੂੰ ਖਰੜ ਸਬ ਡਵੀਜਨ ਦੇ ਕਮਿਊਨਟੀ ਸੈਂਟਰ ਘੜੂੰਆਂ ਵਿਖੇ ਲਗਾਏ ਜਾਣ ਵਾਲੇ ਕੈਂਪ ਵਿਚ ਨਗਰ ਪੰਚਾਇਤ ਘੰੜੂਆਂ ਦੇ ਸਮੂਹ ਵਾਰਡਾਂ ਅਧੀਨ ਆਉਂਦੇ ਏਰੀਏ ਦੇ ਵਸਨੀਕ ਆਪਣੀਆਂ ਅਰਜ਼ੀਆਂ ਲੈ ਕੇ ਆ ਸਕਦੇ ਹਨ। ਮਿਤੀ 17 ਜਨਵਰੀ ਨੂੰ ਖਰੜ ਸਬ ਡਵੀਜਨ ਦੇ ਪਿੰਡ ਤਿਊੜ ਵਿਖੇ ਕੈਂਪ ਲੱਗੇਗਾ ਅਤੇ ਇਸ ਕੈਂਪ ਵਿੱਚ ਪਿੰਡ ਤਿਊੜ, ਨਾਨੂ ਮਾਜਰਾ, ਅਭੇਪੁਰ, ਜੱਕੜ ਮਾਜਰਾ, ਰੁੜਕੀ ਖਾਮ ਅਤੇ ਚੰਦੋਗੋਬਿੰਦਗੜ ਦੇ ਵਸਨੀਕ ਅਰ਼ਜ਼ੀਆਂ ਦੇ ਸਕਦੇ ਹਨ। ਇਸੇ ਤਰਾਂ 28 ਜਨਵਰੀ 2025 ਨੂੰ ਖਰੜ ਸਬ ਡਵੀਜ਼ਨ ਦੇ ਜੈਂਤੀ ਦੇਵੀ ਵਿਖੇ ਲਗਾਏ ਜਾਣ ਵਾਲੇ ਕੈਂਪ ਵਿਚ ਪਿੰਡ ਗੂੜਾਂ, ਕਸੌਲੀ, ਪੜਛ, ਕਰੌਂਦੀਆਂ ਵਾਲਾ, ਬਗਿੰਡੀ ਅਤੇ ਜੈਂਤੀ ਦੇਵੀ ਦੇ ਵਸਨੀਕ ਆਪਣੀਆਂ ਅਰਜ਼ੀਆਂ ਲੈ ਕੇ ਆ ਸਕਦੇ ਹਨ। ਉਨਾਂ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਸ਼ੁਰੂ ਕੀਤੇ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲੈ ਕੇ ਸਰਕਾਰੀ ਦਫ਼ਤਰਾਂ ਨਾਲ ਸਬੰਧਤ ਆਪਣੇ ਕੰਮ ਮੁਕੰਮਲ ਕਰਵਾ ਲੈਣ। ਉਨਾਂ ਇਹ ਵੀ ਦੱਸਿਆ ਕਿ ਵੱਖ-ਵੱਖ ਵਿਭਾਗਾਂ ਨਾਲ ਸਬੰਧਤ 43 ਸੇਵਾਵਾਂ ਹਾਸਲ ਕਰਨ ਲਈ ਹੈਲਪ ਲਾਈਨ 1076 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਬੀ ਆਰ ਸਟਾਇਲ ਸੈਲੂਨ ਵਲੋਂ ਨਵੇ ਸਾਲ ਦੀ ਆਮਦ ਅਤੇ ਸਰਬਤ ਦੇ ਭਲੇ ਲਈ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ



ਫਗਵਾੜਾ ( ਸੁਸ਼ੀਲ ਸ਼ਰਮਾ ) ਬੀ ਆਰ ਸਟਾਇਲ ਸੈਲੂਨ ਭਾਣੋਕੀ ਰੋਡ ਭਗਤਪੁਰਾ ਫਗਵਾੜਾ ਦੇ ਆਨਰ ਰਾਜ ਕੁਮਾਰ ਰਾਜੂ ਵਲੋਂ ਨਵੇ ਸਾਲ ਦੀ ਆਮਦ ਅਤੇ ਸਰਬਤ ਦੇ ਭਲੇ ਲਈ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ ਇਸ ਮੌਕੇ ਵਰਿੰਦਰ ਸਿੰਘ ਕੰਬੋਜ , ਜਤਿੰਦਰ ਸ਼ਰਮਾ ਮਿੱਠੂ , ਕੋਸਲਰ ਜਸਦੇਵ ਸਿੰਘ , ਸਮਾਜ ਸੇਵੀ ਡਾ ਰਮਨ ਸ਼ਰਮਾ, ਕਰਨੈਲ ਸਿੰਘ, ਅਮਨ , ਵੰਸ , ਜੱਸੀ , ਲੱਕੀ , ਮਨੀ , ਵਿਰਾਟ ਆਦਿ ਮੌਜੂਦ ਸਨ

# -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਣਾਂ- ਡਰਾਫਟ ਵੋਟਰ ਸੂਚੀ ਦਾ ਪ੍ਰਕਾਸ਼ਨ 3 ਜਨਵਰੀ ਨੂੰ

ਲੁਧਿਆਣਾ, (ਸੁਖਚੈਨ ਮਹਿਰਾ) ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਵਲੋਂ ਐਲਾਨ ਕੀਤਾ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ) ਦੀਆਂ ਚੋਣਾਂ ਲਈ ਡਰਾਫਟ ਵੋਟਰ ਸੂਚੀ 3 ਜਨਵਰੀ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਹ ਡਰਾਫਟ ਵੋਟਰ ਸੂਚੀ 21 ਅਕਤੂਬਰ, 2023 ਅਤੇ 15 ਦਸੰਬਰ, 2024 ਵਿਚਕਾਰ ਪ੍ਰਾਪਤ ਹੋਏ ਫਾਰਮਾਂ ਦੇ ਆਧਾਰ ਤੇ ਤਿਆਰ ਕੀਤੀ ਗਈ ਹੈ। ਇਹ ਸੂਚੀ ਰਿਵਾਈਜ਼ਿੰਗ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਉਪਲਬਧ ਹੋਵੇਗੀ।

ਸ੍ਰੀ ਜਤਿੰਦਰ ਜੋਰਵਾਲ ਨੇ ਅੱਗੇ ਕਿਹਾ ਕਿ ਵੋਟਰਾਂ ਕੋਲ 24 ਜਨਵਰੀ ਤੱਕ ਸਬੰਧਤ ਰਿਵਾਈਜ਼ਿੰਗ ਅਫ਼ਸਰਾਂ ਕੋਲ ਇਤਰਾਜ਼ ਅਤੇ ਅਪੀਲਾਂ ਦਾਇਰ ਕਰਨ ਦਾ ਮੌਕਾ ਹੈ।

ਖੰਨਾ ਖੇਤਰ ਲਈ ਰਿਵਾਈਜ਼ਿੰਗ ਅਫ਼ਸਰ ਐਸ.ਡੀ.ਐਮ ਖੰਨਾ ਹਨ ਅਤੇ ਡਰਾਫਟ ਵੋਟਰ ਸੂਚੀ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ। ਵੋਟਰ 24 ਜਨਵਰੀ ਤੱਕ ਉੱਥੇ ਕੋਈ ਵੀ ਇਤਰਾਜ਼ ਜਾਂ ਅਪੀਲ ਦਾਇਰ ਕਰ ਸਕਦੇ ਹਨ। ਪਾਇਲ ਲਈ ਰਿਵਾਈਜ਼ਿੰਗ ਅਫਸਰ ਐਸ.ਡੀ.ਐਮ ਪਾਇਲ ਹਨ, ਜਿਨ੍ਹਾਂ ਕੋਲ ਵੋਟਰਾਂ ਲਈ ਡਰਾਫਟ ਸੂਚੀ ਵੀ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ ਤਾਂ ਜੋ ਉਹ ਇਤਰਾਜ਼ਾਂ ਦੀ ਜਾਂਚ ਕਰ ਸਕਣ। ਲੁਧਿਆਣਾ ਪੱਛਮੀ, ਸਮਰਾਲਾ,




ਰਾਏਕੋਟ ਅਤੇ ਜਗਰਾਉਂ ਦੇ ਸਬ-ਡਵੀਜ਼ਨਾਂ ਵਿੱਚ ਸਬੰਧਤ ਐਸ.ਡੀ.ਐਮ ਰਿਵਾਈਜ਼ਿੰਗ ਅਫਸਰ ਵਜੋਂ ਕੰਮ ਕਰਦੇ ਹਨ ਅਤੇ ਵੋਟਰ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਆਪਣੇ ਦਫ਼ਤਰਾਂ ਵਿੱਚ ਇਤਰਾਜ਼ ਦਰਜ ਕਰ ਸਕਦੇ ਹਨ।

ਲੁਧਿਆਣਾ ਦਿਹਾਤੀ ਲਈ ਐਸ.ਡੀ.ਐਮ ਪੂਰਬੀ ਰਿਵਾਈਜ਼ਿੰਗ ਅਫਸਰ ਹਨ ਅਤੇ ਡਰਾਫਟ ਵੋਟਰ ਸੂਚੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਹੋਵੇਗੀ। ਮੁੱਲਾਂਪੁਰ ਦਾਖਾ ਵਿੱਚ ਜ਼ਿਲ੍ਹਾ ਮਾਲ ਅਫਸਰ (ਡੀ.ਆਰ.ਓ) ਰਿਵਾਈਜ਼ਿੰਗ ਅਫਸਰ ਹਨ, ਵੋਟਰ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਡੀ.ਆਰ.ਏ ਸ਼ਾਖਾ ਵਿੱਚ ਇਤਰਾਜ਼ ਦਰਜ ਕਰ ਸਕਦੇ ਹਨ।

ਰੋਜ਼ਾਨਾ ਲੋਕ ਬਾਣੀ www.lokbani

ਪਖੋਵਾਲ ਦੇ ਵੋਟਰ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਪਹਿਲੀ ਮੰਜ਼ਿਲ ਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਦੇ ਦਫ਼ਤਰ ਵਿੱਚ ਇਤਰਾਜ਼ ਦਰਜ ਕਰ ਸਕਦੇ ਹਨ।

ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸਿੱਧਵਾਂ ਬੇਟ ਖੇਤਰ ਲਈ ਸੋਧ ਅਧਿਕਾਰੀ ਹਨ, ਜਿੱਥੇ ਵੋਟਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰੇ ਨੰਬਰ 118 ਵਿੱਚ ਡਰਾਫਟ ਵੋਟਰ ਸੂਚੀ ਦੀ ਜਾਂਚ ਕਰ ਸਕਦੇ ਹਨ ਅਤੇ ਇਤਰਾਜ਼ ਦਰਜ ਕਰ ਸਕਦੇ ਹਨ।

ਦੋਰਾਹਾ ਖੇਤਰ ਦੇ ਵੋਟਰਾਂ ਲਈ ਖੇਤਰੀ ਆਵਾਜਾਈ ਅਧਿਕਾਰੀ ਸੋਧ ਅਧਿਕਾਰੀ ਵਜੋਂ ਕੰਮ ਕਰਨਗੇ ਅਤੇ ਡਰਾਫਟ ਵੋਟਰ ਸੂਚੀ ਦੀ ਜਾਂਚ ਵਿਜੀਲੈਂਸ ਦਫ਼ਤਰ ਦੇ ਸਾਹਮਣੇ ਜ਼ਿਲ੍ਹਾ ਪ੍ਰੀਸ਼ਦ ਇਮਾਰਤ ਦੇ ਕਮਰੇ ਨੰਬਰ 1 ਵਿੱਚ ਕੀਤੀ ਜਾ ਸਕਦੀ ਹੈ।

ਅੰਤ ਵਿੱਚ ਲੁਧਿਆਣਾ ਦੱਖਣੀ ਅਤੇ ਉੱਤਰੀ ਵੋਟਰਾਂ ਲਈ ਨਗਰ ਨਿਗਮ (ਐਮ.ਸੀ) ਦੇ ਸੰਯੁਕਤ ਕਮਿਸ਼ਨਰ ਸੋਧ ਅਧਿਕਾਰੀ ਹਨ। ਵੋਟਰ ਗਿੱਲ ਰੋਡ ਤੇ ਐਮ.ਸੀ ਜ਼ੋਨ-ਸੀ ਇਮਾਰਤ ਦੇ ਕਮਰੇ ਨੰਬਰ 12 ਅਤੇ ਐਮ.ਸੀ ਜ਼ੋਨ-ਏ ਇਮਾਰਤ ਦੀ ਤੀਜੀ ਮੰਜ਼ਿਲ ਤੇ ਕਮਰਾ ਨੰਬਰ 72 ਵਿੱਚ ਕ੍ਰਮਵਾਰ ਡਰਾਫਟ ਵੋਟਰ ਸੂਚੀਆਂ ਦੀ ਜਾਂਚ ਕਰ ਸਕਦੇ ਹਨ ਅਤੇ ਇਤਰਾਜ਼ ਦਰਜ ਕਰ ਸਕਦੇ ਹਨ।

# ਨਵਾਂ ਸਾਲ ਮਨਾਉਣ ਲਈ ਕਾਨਪੁਰ ਦੇ ਇੱਕ ਰੈਸਟੋਰੈਂਟ ਵਿੱਚ ਕੁੜੀਆਂ ਨਾਲ ਛੇੜਛਾੜ ਅਤੇ ਕੁੱਟਮਾਰ ਕੀਤੀ ਗਈ, ਰਿਪੋਰਟ ਦਰਜ



ਕਾਨਪੁਰ ( ਸੁਨੀਲ ਬਾਜਪਾਈ) ਇੱਥੇ ਨਵੇਂ ਸਾਲ ਦਾ ਜਸ਼ਨ ਮਨਾਉਣ ਲਈ ਲੜਕੀਆਂ ਨਾਲ ਛੇੜਛਾੜ ਅਤੇ ਕੁੱਟਮਾਰ ਦੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਗਿਆ, ਜਿਸ ਤੋਂ ਬਾਅਦ ਪੁਲਸ ਨੇ ਰਿਪੋਰਟ ਦਰਜ ਕਰਕੇ ਦੋਸ਼ੀਆਂ ਖਿਲਾਫ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਮਾਮਲਾ ਕੋਹਾਣਾ ਥਾਣਾ ਖੇਤਰ ਚ ਸਥਿਤ ਇਕ ਰੈਸਟੋਰੈਂਟ ਦਾ ਹੈ, ਜਿੱਥੇ ਨਵੇਂ ਸਾਲ ਦੀ ਸ਼ੁਰੂਆਤ ਹਾਈ ਵੋਲਟੇਜ ਡਰਾਮੇ ਨਾਲ ਹੋਈ। ਦੋਸ਼ ਹੈ ਕਿ ਕੰਪਨੀ ਬਾਗ ਚੌਰਾਹੇ ਦੇ ਕੋਲ ਸਥਿਤ ਇੱਕ ਰੈਸਟੋਰੈਂਟ ਵਿੱਚ ਨਵੇਂ ਸਾਲ ਦੇ ਜਸ਼ਨ ਦੌਰਾਨ ਨਾ ਸਿਰਫ਼ ਕੁੜੀਆਂ ਨਾਲ ਛੇੜਛਾੜ ਕੀਤੀ ਗਈ, ਸਗੋਂ ਵਿਰੋਧ ਕਰਨ ਤੇ ਉਨ੍ਹਾਂ ਦੀ ਕੁੱਟਮਾਰ ਵੀ ਕੀਤੀ ਗਈ। ਪੁਲਿਸ ਨੇ ਵੀ ਘਟਨਾ ਦੀ ਰਿਪੋਰਟ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਘਟਨਾ ਸਬੰਧੀ ਪ੍ਰਾਪਤ ਵੇਰਵਿਆਂ ਅਨੁਸਾਰ ਸੀ

ਕੰਪਨੀ ਬਾਗ ਚੌਰਾਹੇ ਨੇੜੇ ਇੱਕ ਹਾਈ ਪ੍ਰੋਫਾਈਲ ਰੈਸਟੋਰੈਂਟ ਵਿੱਚ 31 ਦਸੰਬਰ ਦੀ ਰਾਤ ਨੂੰ ਕਰੀਬ 1.30 ਵਜੇ ਮਾਹੌਲ ਗਰਮ ਹੋ ਗਿਆ। ਇੱਥੇ ਕਿਦਵਈ ਨਗਰ ਦਾ ਰਹਿਣ ਵਾਲਾ ਇੱਕ ਵਪਾਰੀ ਆਪਣੀ ਪਤਨੀ ਅਤੇ ਦੋਸਤਾਂ ਨਾਲ ਰੈਸਟੋਰੈਂਟ ਗਿਆ ਸੀ।

ਉਸ ਨੇ ਦੋਸ਼ ਲਾਇਆ ਕਿ ਪਾਰਟੀ ਦੌਰਾਨ ਉਸ ਦੀ ਪਤਨੀ ਬਾਥਰੂਮ ਗਈ ਸੀ। ਉੱਥੇ ਰੈਸਟੋਰੈਂਟ ਸੰਚਾਲਕ ਅਤੇ ਉਸ ਦੇ ਸਾਥੀਆਂ ਨੇ ਪਤਨੀ ਨਾਲ ਦੁਰਵਿਵਹਾਰ ਕੀਤਾ। ਉਸ ਨਾਲ ਛੇੜਛਾੜ ਕੀਤੀ। ਜਦੋਂ ਕਾਰੋਬਾਰੀ ਨੇ ਇਸ ਦਾ ਵਿਰੋਧ ਕੀਤਾ ਤਾਂ ਹੋਟਲ ਸੰਚਾਲਕ ਨੇ ਆਪ ਅਤੇ ਉਸਦੇ ਕਰਮਚਾਰੀਆਂ ਨਾਲ ਲੜਾਈ ਸ਼ੁਰੂ ਕਰ ਦਿੱਤੀ।

ਰੈਸਟੋਰੈਂਟ ਵਿੱਚ ਲੜਾਈ ਹੋਣ ਕਾਰਨ ਹਫੜਾ-ਦਫੜੀ ਦਾ ਮਾਹੌਲ ਬਣ ਗਿਆ। ਡਾਇਲ 112 ਤੇ ਸੂਚਨਾ ਦੇਣ ਤੋਂ ਬਾਅਦ ਥਾਣਾ ਕੋਹਾਣਾ ਦੀ ਪੁਲਸ ਮੌਕੇ ਤੇ ਪਹੁੰਚ ਗਈ। ਪੁਲਸ ਨੇ ਦੱਸਿਆ ਕਿ ਘਟਨਾ ਚ ਨਾਮਜ਼ਦ ਲੋਕਾਂ ਦੀ ਭਾਲ ਕੀਤੀ ਜਾ ਰਹੀ ਹੈ। ਜਲਦੀ ਹੀ ਉਸ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਜਾਵੇਗਾ। ਸੂਤਰਾਂ ਨੇ ਦਾਅਵਾ ਕੀਤਾ ਹੈ ਕਿ ਨਵੇਂ ਸਾਲ ਦੇ ਜਸ਼ਨਾਂ ਦੌਰਾਨ ਕੁਝ ਹੋਰ ਥਾਣਾ ਖੇਤਰਾਂ ਵਿੱਚ ਲੜਕੀਆਂ ਨਾਲ ਛੇੜਛਾੜ ਦੀਆਂ ਘਟਨਾਵਾਂ ਵਾਪਰੀਆਂ। ਪਰ ਅਜੇ ਤੱਕ ਇਨ੍ਹਾਂ ਵਿੱਚੋਂ ਕਿਸੇ ਵੀ ਕੇਸ ਦੀ ਰਿਪੋਰਟ ਦਰਜ ਨਹੀਂ ਕੀਤੀ ਗਈ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਬਿਹਤਰ ਪ੍ਰਦਰਸ਼ਨ ਲਈ ਫੀਲਡ ਦੌਰੇ ਵੱਧ ਤੋਂ ਵੱਧ ਕਰੋ ਡੀ.ਸੀ ਨੇ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼

ਲੁਧਿਆਣਾ, 3 (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ) ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਸੋਮਵਾਰ ਨੂੰ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਪੰਜਾਬ ਸਰਕਾਰ ਦੇ ਚੱਲ ਰਹੇ ਪ੍ਰੋਗਰਾਮਾਂ, ਯੋਜਨਾਵਾਂ ਅਤੇ ਪ੍ਰੋਜੈਕਟਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਸਮੀਖਿਆ ਕਰਨ ਲਈ ਆਪਣੇ ਫੀਲਡ ਦੌਰੇ ਵਧਾਉਣ ਦੇ ਨਿਰਦੇਸ਼ ਦਿੱਤੇ।

ਬਚਤ ਭਵਨ ਵਿਖੇ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਨਿਵਾਸੀਆਂ ਨੂੰ ਉਨ੍ਹਾਂ ਦੇ ਰੋਜ਼ਾਨਾ ਦੇ ਕੰਮਾਂ ਵਿੱਚ ਸਹੂਲਤ ਪ੍ਰਦਾਨ ਕਰਨ ਅਤੇ ਚੰਗੇ ਸ਼ਾਸਨ ਨੂੰ ਯਕੀਨੀ ਬਣਾਉਣ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਜ਼ਿਕਰ ਕੀਤਾ ਕਿ ਇਨ੍ਹਾਂ ਦੌਰਿਆਂ ਨਾਲ ਨਾ ਸਿਰਫ਼ ਜਨਤਾ ਨੂੰ ਲਾਭ ਹੋਵੇਗਾ ਬਲਕਿ ਅਧਿਕਾਰੀਆਂ ਨੂੰ ਖੇਤਰ ਵਿੱਚ ਆਪਣੇ ਅਧੀਨ ਕਰਮਚਾਰੀਆਂ ਦੀ ਕਾਰਗੁਜ਼ਾਰੀ ਦੀ ਨਿਗਰਾਨੀ ਕਰਨ ਦੀ ਆਗਿਆ ਵੀ ਮਿਲੇਗੀ।

ਸ੍ਰੀ ਜਤਿੰਦਰ ਜੋਰਵਾਲ ਨੇ ਕਿਹਾ ਕਿ ਇਨ੍ਹਾਂ ਦੌਰਿਆਂ ਨੂੰ ਨੁਕਸ ਲੱਭਣ ਦੀ ਬਜਾਏ ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ ਸਹਾਇਕ ਨਿਗਰਾਨੀ ਪ੍ਰਦਾਨ ਕਰਨ ਤੇ ਕੇਂਦ੍ਰਿਤ ਹੋਣਾ ਚਾਹੀਦਾ ਹੈ। ਟੀਚਾ ਵਿਭਾਗੀ ਕਾਰਜਾਂ ਵਿੱਚ ਕਿਸੇ ਵੀ ਕਮੀਆਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਦੂਰ ਕਰਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਫੀਲਡ ਦੌਰੇ ਅਧਿਕਾਰੀਆਂ ਦੀਆਂ ਆਪਣੀਆਂ ਡਿਊਟੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ, ਵਿਭਾਗੀ ਕੰਮਕਾਜ ਵਿੱਚ ਸੁਧਾਰ ਕਰਨ ਅਤੇ ਜ਼ਮੀਨੀ ਹਕੀਕਤਾਂ ਦੀ ਬਿਹਤਰ ਸਮਝ ਨੂੰ ਵਧਾਉਣ ਲਈ ਯੋਗਤਾਵਾਂ ਨੂੰ ਵਧਾਉਣਗੇ। ਉਨ੍ਹਾਂ ਅਧਿਕਾਰੀਆਂ ਨੂੰ ਆਪਣੇ ਅਧੀਨ ਕਰਮਚਾਰੀਆਂ ਦੇ ਕੰਮ ਦਾ ਮੁਲਾਂਕਣ ਕਰਨ ਲਈ ਨਿਰੀਖਣ ਕਰਨ ਲਈ ਉਤਸ਼ਾਹਿਤ ਵੀ ਕੀਤਾ।



ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਿਯਮਤ, ਪਹਿਲਾਂ ਤੋਂ ਐਲਾਨੇ ਗਏ ਦੌਰੇ ਮੁੱਖ ਤੌਰ ਤੇ ਵਿਭਾਗਾਂ ਅਤੇ ਉਨ੍ਹਾਂ ਦੇ ਸਟਾਫ ਨੂੰ ਦਰਪੇਸ਼ ਸਮੱਸਿਆਵਾਂ ਨੂੰ ਹੱਲ ਕਰਨ ਲਈ ਹੋਣੇ ਚਾਹੀਦੇ ਹਨ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਮਰਜੀਤ ਬੈਂਸ, ਸ੍ਰੀ ਰੋਹਿਤ ਗੁਪਤਾ, ਮੈਡਮ ਸ਼ਿਖਾ ਭਗਤ, ਸ੍ਰੀ ਕੁਲਪ੍ਰੀਤ ਸਿੰਘ ਦੇ ਨਾਲ-ਨਾਲ ਸਾਰੇ ਸਬ-ਡਿਵੀਜ਼ਨਲ ਮੈਜਿਸਟ੍ਰੇਟ (ਐਸ.ਡੀ.ਐਮ) ਅਤੇ ਵੱਖ-ਵੱਖ ਵਿਭਾਗਾਂ ਦੇ ਮੁਖੀ ਮੌਜੂਦ ਸਨ।

# ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਵੱਲੋਂ ਭਾਈਚਾਰਕ ਸਾਂਝ ਲਈ ਅਖੰਡ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ

ਮਾਲੇਰਕੋਟਲਾ, (ਲੋਕ ਬਾਣੀ) – ਸਥਾਨਕ ਏ. ਡੀ. ਕਾਂਝਲਾ ਵਾਇਨ, ਐਚ.ਕੇ. ਕਾਂਝਲਾ ਵਾਈਨ ਤੇ ਗੋਇਲ ਐਂਡ ਕੰਪਨੀ ਦੇ ਮਾਲਕ ਸ. ਹਰਜਿੰਦਰ ਸਿੰਘ ਕਾਂਝਲਾ ਵੱਲੋਂ ਹਾਅ ਦਾ ਨਾਅਰਾ ਗੁਰਦੁਆਰਾ ਸਾਹਿਬ ਵਿਖੇ ਅਮਨ ਸ਼ਾਂਤੀ ਅਤੇ ਭਾਈਚਾਰਕ ਸਾਂਝ ਵਜੋਂ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਆਖੰਡ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਹੈਡ ਗ੍ਰੰਥੀ ਭਾਈ ਨਰਿੰਦਰ ਪਾਲ ਸਿੰਘ ਨਾਨੂੰ ਨੇ ਸ਼੍ਰੀ ਆਖੰਡ ਪਾਠ ਸਾਹਿਬ ਦਾ ਪਾਠ ਕੀਤਾ ਅਤੇ ਸਮੁੱਚੇ ਮੁਲਕ ਅੰਦਰ ਅਮਨ ਸ਼ਾਂਤੀ ਬਣੀ ਰਹਿਣ ਦੀ ਅਰਦਾਸ ਕਰਦਿਆਂ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਪਾਠ ਉਪਰੰਤ ਆਖੰਡ ਪਾਠਾਂ ਦੇ ਭੋਗ ਪਾਏ ਗਏ ਅਤੇ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਨੇ ਆਪਣੀ ਸਮੁੱਚੀ ਟੀਮ ਸਮੇਤ ਮੱਥਾ ਟੇਕਿਆ ਅਤੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਤੋਂ ਇਲਾਵਾ ਠੇਕੇਦਾਰ ਅਸ਼ਵਨੀ ਗੋਇਲ, ਅਸ਼ੋਕ ਕੁਮਾਰ, ਨਵਨੀਤ ਜੈਨ ਤੇ ਹੋਰ ਪਤਵੰਤੇ ਹਾਜਰ ਸਨ

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੈਂਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements in 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565